SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public

- Immigration
- Real Estate
- Commercial Law
- Affidavit
- Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 23* Issue 217 | Thursday, 28 November 2024 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' *Online*ਰੋਜ਼ਾਨਾ ਪੜ੍ਹ ਸਕਦੇ ਹੋ

# ਹੁਣ ਹਿਲਜ਼ਵਿਊ ਇਲਾਕੇ 'ਚ ਵਾਜਬ ਕੀਮਤ 'ਤੇ ਖ਼ਰੀਦੋ 3 ਸਟੋਰੀ ਟਾਊਨਹਾਊਸ



Completion in March 2026
10 % Down until Closing | Assignment Available
Close to many Amenities
(Longos,Fortinos,Homedepot, Wal-Mart)
Downtown Brampton & Several parks!

## ਡੰਡਾਸ 'ਚ ਵੀ ਨਵੀਂਆਂ ਬਣੀਆਂ/ਪ੍ਰੀ ਕੰਸਟ੍ਰਕਸ਼ਨ ਕਮਰਸ਼ੀਅਲ ਯੂਨਿਟਾਂ ਉਪਲੱਬਧ

ਬਰੈਂਪਟਨ, 3 ਨਵੰਬਰ (ਪੋਸਟ ਬਿਊਰੋ): ਮਿਸੀਸਾਗਾ ਅਤੇ ਬਰੈਂਪਟਨ ਦੇ ਬਾਰਡਰ 'ਤੇ ਹਿਲਜ਼ਵਿਊ ਇਲਾਕੇ ਵਿਚ ਨਵੇਂ 2004 ਸਕੇਅਰ ਫੁੱਟ ਦੇ 3 ਸਟੋਰੀ ਟਾਊਨਹਾਊਸ, ਜੋਕਿ ਮਾਰਚ, 2026 ਮੁਕੰਮਲ ਹੋਣੇ ਹਨ, ਉਲੱਬਧ ਹਨ। ਇਨ੍ਹਾਂ ਦੀ ਕੀਮਤ 8,79,900 ਡਾਲਰ ਤੋਂ ਸ਼ੁਰੂ ਹੁੰਦੀ ਹੈ। ਕਲੋਜ਼ਿੰਗ ਤੱਕ 10% ਡਾਊਨਪੇਮੈਂਟ 'ਤੇ ਮਿਲਣਗੇ। ਇਹ ਪ੍ਰਾਪਰਟੀ ਵਾਲਮਾਰਟ, ਡਾਊਨਟਾਊਨ ਬਰੈਂਪਟਨ ਅਤੇ ਕਈ ਪਾਰਕਾਂ ਦੇ ਨੇੜੇ ਹੈ। ਇਸੇ ਤਰ੍ਹਾਂ ਮਿਸੀਸਾਗਾ ਵਿਚ ਨਵੀਂਆਂ ਬਣੀਆਂ/ਪ੍ਰੀ ਕੰਸਟ੍ਰਕਸ਼ਨ ਕਮਰਸ਼ੀਅਲ ਯੂਨਿਟਾਂ ਦੇ ਕਾਰਨਰ 'ਤੇ ਵਿਕਰੀ ਲਈ ਉਪਲੱਬਧ ਹਨ। ਇਨ੍ਹਾਂ ਯੂਨਿਟਾਂ ਵਿਚੋਂ 60% ਵਿਕ ਚੁੱਕੀਆਂ ਹਨ ਤੇ 900-2200 ਸਕੇਅਰ ਫੁੱਟ ਜਗ੍ਹਾ ਬਚੀ ਹੈ। ਇਨ੍ਹਾਂ ਦੀ ਕੀਮਤ ਕਰੀਬ 1050 ਡਾਲਰ ਪ੍ਰਤੀ ਸਕੇਅਰ ਫੁੱਟ ਹੈ। ਵਧੇਰੇ ਜਾਣਕਾਰੀ ਲਈ ਫੁਸ਼ (Fush)- 647-871-1433 ਅਤੇ ਜੈਸਮੀਨ- 647-878-1433 ਨਾਲ ਸੰਪਰਕ ਕੀਤਾ ਜਾ ਸਕਦਾ ਹੈ।



ਜਿਆਦਾ ਜਾਣਕਾਰੀ ਲਈ, ਕਾਲ ਕਰੋ -
Fush at 647.871.1433 | Jasmine at 647.878.1433

## ਅੱਜ ਨਾਮਾ

ਚੰਗੀ ਖਬਰ ਇਸਰਾਈਲ ਦੀ ਅੱਜ ਆਈ,
ਲੜਾਈ ਰੋਕਣ ਦੀ ਸਹਿਮਤੀ ਹੋਈ ਬੇਲੀ।
ਤਬਾਹੀ ਹੋਈ ਜੋ ਗਾਜ਼ਾ-ਲਿਬਨਾਨ ਵੰਨੀਂ,
ਜਾਏ ਹਕੀਕਤ ਨਹੀਂ ਉਹਲੁਕੋਈ ਬੇਲੀ।
ਢੱਠਿਆਂ ਘਰਾਂ ਵਿੱਚ ਵਿਛੇ ਨੇ ਪਏ ਸੱਥਰ,
ਜਿਨ੍ਹਾਂ ਨਾਲ ਹੋਈ ਹੈ, ਜਾਂਵਦੇ ਰੋਈ ਬੇਲੀ।
ਵਰ੍ਹਿਆਂ ਤੀਕ ਨਾ ਜ਼ਿੰਦਗੀ ਰਾਸ ਆਉਣੀ,
ਬੋਝ ਬੱਸ ਜੀਵਨ ਦਾ ਜਾਣਗੇ ਢੋਈ ਬੇਲੀ।
ਕੀਤਾ ਠੀਕ ਕਿ ਫਾਇਰਿੰਗ ਹੈ ਗਈ ਰੋਕੀ,
ਬਿਨਾਂ ਸ਼ੱਕ ਮਿਥੀ ਮਿਆਦ ਸੀ ਘੱਟ ਬੇਲੀ।
ਰੱਖਣੀ ਪੈਣੀ ਆ ਇਹਦੀ ਕੁਝ ਚੌਕਸੀ ਵੀ,
ਦੇਵੇ ਨਾ ਅਮਨ ਦੀ ਤੰਦ ਕੋਈ ਕੱਟ ਬੇਲੀ।

**ਤੀਸ ਮਾਰ ਖਾਂ**

# ਜੰਗਬੰਦੀ ਤੋਂ ਬਾਅਦ ਲੇਬਨਾਨ ਦੇ ਲੋਕ ਘਰ ਪਰਤਣ ਲੱਗੇ





ਤਲਅਵੀਵ, 27 ਨਵੰਬਰ (ਪੋਸਟ ਬਿਊਰੋ): ਬੁੱਧਵਾਰ ਨੂੰ ਲੇਬਨਾਨ ਅਤੇ ਇਜ਼ਰਾਈਲ ਵਿਚਕਾਰ ਜੰਗਬੰਦੀ ਸ਼ੁਰੂ ਹੋਣ ਦੇ ਕੁਝ ਘੰਟਿਆਂ ਬਾਅਦ, ਉੱਤਰੀ ਲੇਬਨਾਨ ਦੇ ਲੋਕ ਦੱਖਣੀ ਲੇਬਨਾਨ ਵੱਲ ਪਰਤਣੇ ਸ਼ੁਰੂ ਹੋ ਗਏ ਹਨ। 23 ਸਤੰਬਰ ਨੂੰ ਇਜ਼ਰਾਈਲ ਦੇ ਮਾਰੂ ਮਿਜ਼ਾਈਲ ਹਮਲੇ ਤੋਂ ਬਾਅਦ ਹਜ਼ਾਰਾਂ ਪਰਿਵਾਰਾਂ ਨੇ ਆਪਣੇ ਘਰ ਛੱਡ ਕੇ ਦੱਖਣੀ ਲੇਬਨਾਨ ਵਿੱਚ ਸ਼ਰਨ ਲਈ ਹੈ।

ਟਾਈਮਜ਼ ਆਫ ਇਜ਼ਰਾਈਲ ਦੇ ਮੁਤਾਬਕ, ਬੇਰੂਤ 'ਚ ਬੁੱਧਵਾਰ ਦੀ ਸਵੇਰ ਨੂੰ ਸੈਂਕੜੇ ਲੋਕਾਂ ਨੂੰ ਸਾਈਕਲਾਂ ਅਤੇ ਵਾਹਨਾਂ 'ਤੇ ਸਿਡੋਨ, ਗਾਜ਼ੀਹ ਅਤੇ ਟਾਇਰ ਸ਼ਹਿਰਾਂ 'ਚ ਪਰਤਦੇ ਦੇਖਿਆ ਗਿਆ। ਲੋਕ ਹਿਜ਼ਬੁੱਲਾ ਦੇ ਝੰਡੇ ਅਤੇ ਮਾਰੇ ਗਏ ਨੇਤਾ ਨਸਰੁੱਲਾ ਦੀਆਂ ਫੋਟੋਆਂ ਲੈ ਕੇ ਸ਼ਹਿਰ ਪਰਤ ਰਹੇ ਸਨ। ਲੇਬਨਾਨੀ ਫੌਜ ਨੇ ਲੋਕਾਂ ਨੂੰ ਚਿਤਾਵਨੀ ਦਿੱਤੀ ਹੈ ਕਿ ਜਦੋਂ ਤੱਕ ਇਜ਼ਰਾਇਲੀ ਫੌਜਾਂ ਵਾਪਿਸ ਨਹੀਂ ਹਟਦੀਆਂ ਉਦੋਂ ਤੱਕ ਘਰ ਨਾ ਪਰਤਣ। ਫੌਜ ਨੇ ਲੋਕਾਂ ਨੂੰ ਉਨ੍ਹਾਂ ਇਲਾਕਿਆਂ 'ਚ ਜਾਣ ਤੋਂ ਬਚਣ ਲਈ ਕਿਹਾ ਹੈ ਜਿੱਥੇ ਅਜੇ ਵੀ ਇਜ਼ਰਾਇਲੀ ਬਲ ਮੌਜੂਦ ਹਨ।

ਇਸ ਤੋਂ ਪਹਿਲਾਂ ਇਜ਼ਰਾਇਲੀ ਫੌਜ ਨੇ ਵੀ ਸੁਰੱਖਿਆ ਕਾਰਨਾਂ ਕਰਕੇ ਲੇਬਨਾਨੀ ਨਾਗਰਿਕਾਂ ਨੂੰ ਘਰ ਨਾ ਪਰਤਣ ਦੀ ਸਲਾਹ ਦਿੱਤੀ ਸੀ। ਹਾਲਾਂਕਿ ਦੋਨਾਂ ਦੇਸ਼ਾਂ ਦੀਆਂ ਫੌਜਾਂ ਦੀ ਅਪੀਲ ਦੇ ਬਾਵਜੂਦ ਇਸ ਦਾ ਅਸਰ ਲੋਕਾਂ 'ਤੇ ਨਜ਼ਰ ਨਹੀਂ ਆ ਰਿਹਾ ਹੈ।

ਲੇਬਨਾਨ ਵਿੱਚ ਜੰਗਬੰਦੀ ਬਾਰੇ ਹਮਾਸ ਦੇ ਇੱਕ ਸੀਨੀਅਰ ਅਧਿਕਾਰੀ ਨੇ ਕਿਹਾ ਕਿ ਉਹ ਗਾਜ਼ਾ ਵਿੱਚ ਵੀ ਇਸ ਲਈ ਤਿਆਰ ਹਨ। ਨਿਊਜ਼ ਏਜੰਸੀ ਏਐੱਫਪੀ ਮੁਤਾਬਕ ਅਧਿਕਾਰੀ ਨੇ ਕਿਹਾ ਕਿ ਉਨ੍ਹਾਂ ਨੇ ਜੰਗਬੰਦੀ ਲਈ ਮਿਸਰ, ਤੁਰਕੀ ਅਤੇ ਕਤਰ ਨਾਲ ਗੱਲ ਕੀਤੀ ਹੈ। ਉਹ ਕੈਦੀਆਂ ਦੀ ਅਦਲਾ-ਬਦਲੀ ਲਈ ਤਿਆਰ ਹਨ। ਹਾਲਾਂਕਿ ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਇਜ਼ਰਾਈਲ ਚਾਹੁੰਦਾ ਤਾਂ ਜੰਗਬੰਦੀ ਪਹਿਲਾਂ ਵੀ ਹੋ ਸਕਦੀ ਸੀ।

## ਟੋਰਾਂਟੋ ਦੇ ਪੂਰਵੀ ਏਂਡ ’ਤੇ ਇੱਕ ਬਾਲਗ ਕਾਰ ਚਾਲਕ ਨੂੰ ਗੋਲੀ ਨਾਲ ਕੀਤਾ ਜ਼ਖਮੀ

### ਮੁਲਜ਼ਮ ਕਾਰ ਲੈ ਕੇ ਹੋਇਆ ਫਰਾਰ



ਟੋਰਾਂਟੋ, 27 ਨਵੰਬਰ (ਪੋਸਟ ਬਿਊਰੋ): ਟੋਰਾਂਟੋ ਦੇ ਪੂਰਵੀ ਏਂਡ ’ਤੇ ਬੁੱਧਵਾਰ ਰਾਤ ਕਾਰ ਚੋਰੀ ਦੌਰਾਨ ਗੋਲੀ ਲੱਗਣ ਨਾਲ ਇੱਕ ਵਿਅਕਤੀ ਗੰਭੀਰ ਜ਼ਖ਼ਮੀ ਹੋ ਗਿਆ।

ਟੋਰਾਂਟੋ ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਸ਼ਾਮ 7:15 ਵਜੇ ਡਾਨ ਵੈਲੀ ਪਾਰਕਵੇ ਦੇ ਪੂਰਵ ਵਿੱਚ ਡੰਡਾਸ ਅਤੇ ਕੈਰੋਲ ਸਟਰੀਟ ਦੇ ਇਲਾਕੇ ਵਿੱਚ ਕਾਰ ਚੋਰੀ ਬਾਰੇ ਸੂਚਨਾ ਮਿਲੀ। ਟੋਰਾਂਟੋ ਪੈਰਾਮੇਡਿਕਸ ਅਨੁਸਾਰ ਉਨ੍ਹਾਂ ਨੇ ਗੰਭੀਰ ਰੂਪ ਵਿਚ ਜ਼ਖ਼ਮੀ ਹੋਏ ਇੱਕ ਬਾਲਗ ਨੂੰ ਹਸਪਤਾਲ ਪਹੁੰਚਾਇਆ।

ਪੁਲਿਸ ਨੇ ਦੱਸਿਆ ਕਿ ਸ਼ੱਕੀ ਵਿਅਕਤੀ ਪੀੜਤ ਦੇ ਵਾਹਨ ਵਿੱਚ ਭੱਜ ਗਿਆ, ਜਿਸਨੂੰ ਬਾਅਦ ਵਿੱਚ ਅਧਿਕਾਰੀਆਂ ਨੇ ਲਾਵਾਰਸ ਪਾਇਆ। ਪੁਲਿਸ ਨੇ ਦੱਸਿਆ ਕਿ ਕੁੱਝ ਦੇਰ ਤੱਕ ਪਿੱਛਾ ਕੀਤਾ ਗਿਆ ਅਤੇ ਇੱਕ ਪੁਰਸ਼ ਮੁਲਜ਼ਮ ਨੂੰ ਹਿਰਾਸਤ ਵਿੱਚ ਲਿਆ ਗਿਆ। ਉਨ੍ਹਾਂ ਨੇ ਦੱਸਿਆ ਕਿ ਇੱਕ ਬੰਦੂਕ ਵੀ ਬਰਾਮਦ ਕੀਤੀ ਗਈ।

ਜਾਂਚ ਲਈ ਡੰਡਾਸ ਸਟਰੀਟ ਨੂੰ ਕਾਰਲਾ ਏਵੇਨਿਊ ਤੋਂ ਰਿਵਰ ਸਟਰੀਟ ਤੱਕ ਬੰਦ ਕਰ ਦਿੱਤਾ ਗਿਆ ਹੈ। ਕਮਿਸ਼ਨਰ ਸਟਰੀਟ ਨੂੰ ਵੀ ਕਾਰਲਾ ਤੋਂ ਲੋਗਾਨ ਏਵੇਨਿਊ ਤੱਕ ਬੰਦ ਕਰ ਦਿੱਤਾ ਗਿਆ ਹੈ।

## ਪੁਲਿਸ ਨੇ ਮਿਸੀਸਾਗਾ ਵਿੱਚ ਹਾਈਵੇ 401 ’ਤੇ ਵਾਹਨਾਂ ’ਤੇ ਗੋਲੀ ਚਲਾਉਣ ਵਾਲੇ ਸ਼ੱਕੀ ਦੀ ਕੀਤੀ ਪਹਿਚਾਣ



ਟੋਰਾਂਟੋ, 27 ਨਵੰਬਰ (ਪੋਸਟ ਬਿਊਰੋ): ਓਂਟਾਰੀਓ ਪ੍ਰੋਵਿਨਸ਼ੀਅਲ ਪੁਲਿਸ ਨੇ ਉਸ ਵਿਅਕਤੀ ਦੀ ਪਹਿਚਾਣ ਕਰ ਲਈ ਹੈ ਜੋ ਮੰਗਲਵਾਰ ਸਵੇਰੇ ਮਿਸਿਸਾਗਾ ਵਿੱਚ ਰਾਜ ਮਾਰਗ 401 ’ਤੇ ਲੰਘਣ ਵਾਲੇ ਵਾਹਨਾਂ ’ਤੇ ਗੋਲੀ ਚਲਾਉਣ ਦੇ ਦੋਸ਼ ਵਿੱਚ ਲੋੜੀਂਦਾ ਸੀ।

ਬੁੱਧਵਾਰ ਨੂੰ ਇੱਕ ਅਪਡੇਟ ਵਿੱਚ, ਪੁਲਿਸ ਨੇ ਕਿਹਾ ਕਿ ਉਨ੍ਹਾਂ ਨੇ ਸਵੇਰੇ ਕਰੀਬ 5 ਵਜੇ ਡਿਕਸੀ ਰੋਡ ਕੋਲ ਪੂਰਵ ਵੱਲ ਜਾਣ ਵਾਲੀ ਲੇਨ ਵਿੱਚ ਹੋਈ ਘਟਨਾ ਦੇ ਸਿਲਸਿਲੇ ਵਿੱਚ 29 ਸਾਲਾ ਟਰਾਏ ਲੇਡਰੂ ਦੀ ਗ੍ਰਿਫ਼ਤਾਰੀ ਦਾ ਵਾਰੰਟ ਪ੍ਰਾਪਤ ਕਰ ਲਿਆ ਹੈ।

ਓਪੀਪੀ ਨੇ ਕਿਹਾ ਕਿ ਹੁਣ ਤੱਕ 10 ਤੋਂ ਜ਼ਿਆਦਾ ਮੋਟਰ ਚਾਲਕਾਂ ਨੇ ਆਪਣੇ ਵਾਹਨਾਂ ਨੂੰ ਗੋਲੀਆਂ ਨਾਲ ਨੁਕਸਾਨੇ ਜਾਣ ਦੀ ਸੂਚਨਾ ਦਿੱਤੀ ਹੈ, ਹਾਲਾਂਕਿ ਘਟਨਾ ਵਿਚ ਕਿਸੇ ਦੇ ਗੰਭੀਰ ਜ਼ਖ਼ਮੀ ਹੋਣ ਦੀ ਸੂਚਨਾ ਨਹੀਂ ਹੈ।

ਲੇਡਰੂ ਨੇ ਕਥਿਤ ਤੌਰ ’ਤੇ ਇੱਕ ਮੋਟਰ ਚਾਲਕ ਦਾ ਵਾਹਨ ਵੀ ਚੋਰੀ ਕਰ ਲਿਆ ਅਤੇ ਘਟਨਾ ਸਥਾਨ ਤੋਂ ਭੱਜ ਗਿਆ। ਬਾਅਦ ਵਿੱਚ ਅਧਿਕਾਰੀਆਂ ਨੂੰ ਈਟੋਬਿਕੋਕ ਵਿੱਚ ਫਾਸਕੇਨ ਡਰਾਈਵ ’ਤੇ ਛੱਡੇ ਗਏ ਵਾਹਨ ਦਾ ਪਤਾ ਚੱਲਿਆ।

ਪੁਲਿਸ ਨੇ ਕਿਹਾ ਕਿ ਮੁਲਜ਼ਮ ਹਥਿਆਰਬੰਦ ਅਤੇ ਖਤਰਨਾਕ ਹੈ, ਜੇਕਰ ਕਿਸੇ ਨੂੰ ਵੀ ਉਸ ਬਾਰੇ ਜਾਣਕਾਰੀ ਹੈ ਤਾਂ ਤੁਰੰਤ ਪੁਲਿਸ ਨਾਲ ਸੰਪਰਕ ਕੀਤਾ ਜਾਵੇ।

ਮੰਗਲਵਾਰ ਸਵੇਰੇ ਕੰਮ ’ਤੇ ਜਾ ਰਹੇ ਇੱਕ ਵਿਅਕਤੀ ਦਾ ਹਾਈਵੇ 401 ਦੇ ਪੂਰਵ ਵੱਲ ਜਾਣ ਵਾਲੀ ਲੇਨ ’ਤੇ ਗੱਡੀ ਚਲਾਉਂਦੇ ਸਮਾਂ ਮੁਲਜ਼ਮ ਨਾਲ ਸਾਹਮਣਾ ਹੋਇਆ।

ਵੀਡੀਓ ਵਿਚ ਇੱਕ ਆਦਮੀ ਨੂੰ ਖੱਬੇ ਪਾਸੇ ਵਲੋਂ ਸੱਜੇ ਪਾਸੇ ਭੱਜਦੇ ਹੋਏ ਵੇਖਿਆ ਜਾ ਸਕਦਾ ਹੈ। ਡੈਸ਼ਕੈਮ ਵਿੱਚ ਜਿਸ ਵਿੱਚ ਆਡੀਓ ਨਹੀਂ ਸੀ, ਟ੍ਰੈਫਿਕ ਕਾਰਨ ਲੇਨ ਵਿੱਚ ਗਰੇ ਹੁੱਡੀ ਪਹਿਨੇ ਇੱਕ ਵਿਅਕਤੀ ਨੂੰ ਵਾਹਨਾਂ ਕੋਲ ਆਉਂਦੇ ਅਤੇ ਉਨ੍ਹਾਂ ’ਤੇ ਬੰਦੂਕ ਤਾਣਦੇ ਹੋਏ ਕੈਦ ਹੋ ਗਿਆ।

ਵਾਹਨ ਚਾਲਕ ਮਾਇਕ ਨੇ ਕਿਹਾ ਕਿ ਉਹ ਬਚਕੇ ਉੱਥੋਂ ਨਿਕਲ ਗਿਆ। ਉਸ ਆਦਮੀ ਕੋਲੋਂ ਲਮਘਣ ਤੋਂ ਬਾਅਦ ਮਾਇਕ ਨੂੰ ਗੋਲੀ ਚੱਲਣ ਦੀ ਅਵਾਜ਼ ਸੁਣਾਈ ਦਿੱਤੀ। ਫਿਰ ਉਨ੍ਹਾਂ ਨੇ ਘਟਨਾ ਦੀ ਰਿਪੋਰਟ ਕਰਨ ਲਈ 911 ’ਤੇ ਕਾਲ ਕੀਤੀ।

ਇਸ ਘਟਨਾ ਤੋਂ ਡਿਕਸੀ ਰੋਡ ’ਤੇ ਹਾਈਵੇ 401 ਪੂਰਵ ਵੱਲ ਜਾਣ ਵਾਲੀ ਕਲੇਕਟਰ ਲੇਨ ਅਤੇ ਕੁਝ ਰਾਜ ਮਾਰਗ 410 ਅਤੇ ਰਾਜ ਮਾਰਗ 401 ਰੈਂਪ ਲੰਬੇ ਸਮੇਂ ਤੱਕ ਬੰਦ ਰਹੇ।

## ਉੱਤਰੀ ਬੀਸੀ. ਦੇ ਜੰਗਲਾਂ ਵਿੱਚ 50 ਦਿਨਾਂ ਤੋਂ ਬਾਅਦ ਜਿਉਂਦਾ ਮਿਲਿਆ ਲਾਪਤਾ ਹਾਈਕਰ



ਵੈਨਕੂਵਰ, 27 ਨਵੰਬਰ (ਪੋਸਟ ਬਿਊਰੋ): ਉੱਤਰੀ ਬ੍ਰਿਟਿਸ਼ ਕੋਲੰਬੀਆ ਦੇ ਬਰਫੀਲੇ ਜੰਗਲਾਂ ਵਿੱਚ ਇਕੱਲੇ 50 ਦਿਨਾਂ ਬਾਅਦ ਇੱਕ ਲਾਪਤਾ ਹਾਈਕਰ ਜਿਉਂਦਾ ਮਿਲ ਗਿਆ ਹੈ।

ਨਾਰਦਰਨ ਰਾਕੀਜ ਆਰਸੀਐੱਮਪੀ ਦੇ ਇੱਕ ਬਿਆਨ ਅਨੁਸਾਰ, ਸੈਮ ਬੇਨ-ਾਸਟਿਕ ਨੂੰ ਮੰਗਲਵਾਰ ਨੂੰ ਫੋਰਟ ਸੇਂਟ ਜਾਨ ਦੇ ਉੱਤਰ-ਪੱਛਮ ਵਿੱਚ ਲਗਭਗ 250 ਕਿਲੋਮੀਟਰ ਦੂਰ ਰੇਡਫਰਨ-ਕੇਲੀ ਰਾਜਸੀ ਪਾਰਕ ਕੋਲ ਕੰਮ ’ਤੇ ਜਾ ਰਹੇ ਦੋ ਲੋਕਾਂ ਨੂੰ ਮਿਲਿਆ।

ਕਰਮਚਾਰੀ ਲਾਪਤਾ ਯਾਤਰੀ ਨੂੰ ਹਸਪਤਾਲ ਲੈ ਗਏ, ਜਿੱਥੇ ਪੁਲਿਸ ਨੇ ਉਸਦੀ ਪਹਿਚਾਣ ਬੇਨਾਸਟਿਕ ਦੇ ਰੂਪ ਵਿੱਚ ਕੀਤੀ, ਜੋ 7 ਅਕਤੂਬਰ ਨੂੰ ਪਾਰਕ ਵਿੱਚ ਇਕੱਲੇ ਕੈਂਪਿੰਗ ਟਰਿਪ ’ਤੇ ਨਿਕਲਿਆ ਸੀ।

ਬੇਨਾਸਟਿਕ ਨੂੰ ਇੱਕ ਉਤਸ਼ਾਹੀ ਆਊਟਡੋਰ ਵਿਅਕਤੀ ਵਜੋਂ ਦੱਸਿਆ ਗਿਆ ਸੀ। ਉਹ 17 ਅਕਤੂਬਰ ਨੂੰ 10 ਦਿਨਾਂ ਯਾਤਰਾ ਤੋਂ ਪਰਤਣ ਵਾਲਾ ਸੀ ਪਰ ਜਦੋਂ ਉਹ ਘਰ ਨਾ ਪਹੁੰਚਿਆ ਤਾਂ ਉਸਦੇ ਪਰਿਵਾਰ ਨੇ ਪੁਲਿਸ ਨੂੰ ਉਸਦੇ ਲਾਪਤਾ ਹੋਣ ਦੀ ਸੂਚਨਾ ਦਿੱਤੀ ਸੀ।

TAX & ACCOUNTING

TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX

Harcharan S. Grover
Chartered Accountant

ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ

Call for Professional Advice
905.247.0193
info@grovercpa.ca

GroVerCPA
Professional Corporation

214-7895 Tranmere Drive, Mississauga ON L5S 1V9



## ਪਾਕਿਸਤਾਨ ’ਚ ਇਮਰਾਨ ਖਾਨ ਦੀ ਪਾਰਟੀ ਦਾ ਵਿਰੋਧ ਪ੍ਰਦਰਸ਼ਨ ਖਤਮ, ਫੌਜ ਨੇ ਲੋਕਾਂ ਨੂੰ ਖਦੇੜਿਆ



ਇਸਲਾਮਾਬਾਦ, 27 ਨਵੰਬਰ (ਪੋਸਟ ਬਿਊਰੋ): ਇਮਰਾਨ ਖਾਨ ਦੀ ਪਾਰਟੀ ਪਾਕਿਸਤਾਨ ਤਹਿਰੀਕ-ਏ-ਇਨਸਾਫ (ਪੀ. ਟੀ. ਆਈ.) ਨੇ ਆਪਣਾ ਵਿਰੋਧ ਖਤਮ ਕਰ ਦਿੱਤਾ ਹੈ। ਪਾਕਿਸਤਾਨੀ ਵੈੱਬਸਾਈਟ 'ਦ ਡਾਨ' ਮੁਤਾਬਕ ਪਾਰਟੀ ਨੇ ਬੁੱਧਵਾਰ ਸਵੇਰੇ ਇਹ ਐਲਾਨ ਕੀਤਾ। ਪੀਟੀਆਈ ਨੇ ਕਿਹਾ ਕਿ ਅੱਗੇ ਦਾ ਕੋਈ ਵੀ ਫੈਸਲਾ ਇਮਰਾਨ ਖਾਨ ਦੀ ਸਲਾਹ 'ਤੇ ਲਿਆ ਜਾਵੇਗਾ।

ਪੀਟੀਆਈ ਨੇ ਇੱਕ ਪ੍ਰੈਸ ਰਿਲੀਜ਼ ਵਿੱਚ ਕਿਹਾ, 'ਸਰਕਾਰ ਨਿਹੱਥੇ ਨਾਗਰਿਕਾਂ ਨੂੰ ਬੇਰਹਿਮੀ ਨਾਲ ਮਾਰਨ ਲਈ ਤਿਆਰ ਹੈ। ਇਸਲਾਮਾਬਾਦ ਨੂੰ ਬੁੱਚੜਖਾਨਾ ਬਣਨ ਤੋਂ ਰੋਕਣ ਲਈ ਉਹ ਆਪਣੇ ਸ਼ਾਂਤਮਈ ਪ੍ਰਦਰਸ਼ਨਾਂ ਨੂੰ ਅਸਥਾਈ ਤੌਰ 'ਤੇ ਮੁਅੱਤਲ ਕਰ ਰਹੇ ਹਨ।

ਇਮਰਾਨ ਖਾਨ ਦੀ ਪਤਨੀ ਬੁਸ਼ਰਾ ਬੀਬੀ ਅਤੇ ਖੈਬਰ ਪਖਤੂਨਖਵਾ ਦੇ ਮੁੱਖ ਮੰਤਰੀ ਅਲੀ ਅਮੀਨ ਗੰਡਾਪੁਰ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਸਨ। ਰਿਪੋਰਟ ਮੁਤਾਬਕ ਗੰਡਾਪੁਰ ਨੇ ਭੱਜਦੇ ਹੋਏ ਕੰਟੇਨਰ ਨੂੰ ਅੱਗ ਲਗਾ ਦਿੱਤੀ। ਫਰਾਰ ਹੋਣ ਤੋਂ ਪਹਿਲਾਂ ਉਹ ਇਸ ਡੱਬੇ ਵਿੱਚ ਰਹਿ ਰਹੇ ਸਨ। ਉਹ ਨਹੀਂ ਚਾਹੁੰਦੇ ਸਨ ਕਿ ਸੁਰੱਖਿਆ ਕਰਮਚਾਰੀ ਉਨ੍ਹਾਂ ਦੇ ਜਾਣ ਤੋਂ ਬਾਅਦ ਪ੍ਰਦਰਸ਼ਨ ਨਾਲ ਸਬੰਧਤ ਸਬੂਤ ਹੱਥ ਲੱਗਣ।

ਪਾਕਿਸਤਾਨ 'ਚ 24 ਨਵੰਬਰ ਨੂੰ ਇਮਰਾਨ ਖਾਨ ਦੀ ਰਿਹਾਈ ਨੂੰ ਲੈ ਕੇ ਵਿਰੋਧ ਪ੍ਰਦਰਸ਼ਨ ਸ਼ੁਰੂ ਹੋ ਗਏ ਸਨ। ਪਿਛਲੇ 3 ਦਿਨਾਂ ਤੋਂ ਚੱਲ ਰਹੇ ਪ੍ਰਦਰਸ਼ਨਾਂ 'ਚ ਘੱਟੋ-ਘੱਟ 7 ਲੋਕਾਂ ਦੀ ਮੌਤ ਹੋ ਗਈ ਸੀ।

ਤਰਾਰ ਨੇ ਦੋਸ਼ ਲਾਇਆ ਕਿ ਪੀਟੀਆਈ ਨੇ ਸੰਸਦ ’ਤੇ ਵੀ ਹਮਲਾ ਕਰਨ ਦੀ ਯੋਜਨਾ ਬਣਾਈ ਸੀ। ਉਨ੍ਹਾਂ ਨੇ ਦੱਸਿਆ ਕਿ ਇਸ ਕਾਰਨ ਉਸ ਨੇ ਮੰਗਲਵਾਰ ਦੇਰ ਰਾਤ ਪ੍ਰਦਰਸ਼ਨਕਾਰੀਆਂ ਨੂੰ ਘਰ ਜਾਣ ਲਈ ਕਿਹਾ ਸੀ। ਗ੍ਰਹਿ ਮੰਤਰੀ ਮੋਹਸਿਨ ਨਕਵੀ ਨੇ ਪ੍ਰੈੱਸ ਕਾਨਫਰੰਸ 'ਚ ਕਿਹਾ ਕਿ ਦੋਵੇਂ ਗ੍ਰਿਫ਼ਤਾਰੀ ਦੇ ਡਰੋਂ ਭੱਜ ਗਏ ਸਨ।

ਡਾਨ ਨੇ ਸੂਤਰਾਂ ਦੇ ਹਵਾਲੇ ਤੋਂ ਕਿਹਾ ਹੈ ਕਿ ਗੰਡਾਪੁਰ ਅਤੇ ਬੁਸ਼ਰਾ ਬੀਬੀ ਨੇ ਫਿਰ ਵਿਰੋਧ ਛੱਡ ਦਿੱਤਾ ਅਤੇ ਉਦੋਂ ਤੋਂ ਉਨ੍ਹਾਂ ਦੀ ਕੋਈ ਸੁਣਵਾਈ ਨਹੀਂ ਹੋਈ। ਪਾਕਿਸਤਾਨ ਦੇ ਸੂਚਨਾ ਮੰਤਰੀ ਅਤਾ ਤਰਾਰ ਨੇ ਦਾਅਵਾ ਕੀਤਾ ਕਿ ਦੋਵੇਂ ਖੈਬਰ ਪਖਤੂਨਖਵਾ ਪਰਤ ਆਏ ਹਨ।

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ

Super Visa

- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration

We do appeal for Refusal cases also
Sponsor Your Family

MacroGlobal Immigration Services Ltd.
Seema Bhayana
ICCRC

Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com





SherGill Law Firm
Barrister, Solicitor & Notary Public

Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters

Paramjit Singh Gill
(MBA,LL.B.)
Tel: 905-790-3636

2565 Steeles Ave E Unit #20, Brampton, ON L6T 4L6

Emergency Contact:
416.910.5676
www.shergilllawfirm.ca



# ਸ੍ਰੀਲੰਕਾ 'ਚ ਹੜ੍ਹ ਕਾਰਨ 4 ਲੋਕਾਂ ਦੀ ਮੌਤ, ਕਈ ਲੋਕ ਲਾਪਤਾ

ਕੋਲੰਬੋ, 27 ਨਵੰਬਰ (ਪੋਸਟ ਬਿਊਰੋ): ਸ੍ਰੀਲੰਕਾ ਵਿੱਚ ਭਾਰੀ ਮੀਂਹ ਕਾਰਨ ਲੋਕਾਂ ਨੂੰ ਹੜ੍ਹਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਹੜ੍ਹ ਕਾਰਨ 4 ਲੋਕਾਂ ਦੀ ਮੌਤ ਹੋ ਗਈ ਹੈ। ਇਸ ਤੋਂ ਇਲਾਵਾ ਕਈ ਲਾਪਤਾ ਹਨ। ਮਰਨ ਵਾਲਿਆਂ ਵਿੱਚ ਦੋ ਬੱਚੇ ਵੀ ਸ਼ਾਮਿਲ ਹਨ। 2 ਲੱਖ ਤੋਂ ਵੱਧ ਲੋਕ ਪ੍ਰਭਾਵਿਤ ਹੋਏ ਹਨ।



ਸਮਾਚਾਰ ਏਜੰਸੀ ਪੀਟੀਆਈ ਮੁਤਾਬਕ ਭਾਰੀ ਮੀਂਹ ਅਤੇ ਤੇਜ਼ ਹਵਾ ਕਾਰਨ ਕੋਲੰਬੋ ਹਵਾਈ ਅੱਡੇ 'ਤੇ ਉਤਰਨ ਵਾਲੀਆਂ 6 ਉਡਾਨਾਂ ਨੂੰ ਮੋੜਨਾ ਪਿਆ। ਬੰਗਾਲ ਦੀ ਖਾੜੀ 'ਚ ਬਣੇ ਸਿਸਟਮ ਕਾਰਨ ਸ੍ਰੀਲੰਕਾ 'ਚ ਭਾਰੀ ਮੀਂਹ ਪੈ ਰਿਹਾ ਹੈ। ਪਿਛਲੇ 24 ਘੰਟਿਆਂ ਵਿੱਚ 75 ਮਿਲੀਮੀਟਰ ਤੋਂ ਵੱਧ ਮੀਂਹ ਪਿਆ ਹੈ।

ਲਗਾਤਾਰ ਮੀਂਹ ਪੈਣ ਦੇ ਬਾਵਜੂਦ ਉੱਚ ਦਬਾਅ ਵਾਲਾ ਖੇਤਰ ਬਣਿਆ ਹੋਇਆ ਹੈ। ਨਾਲ ਹੀ ਦੇਸ਼ ਭਰ ਵਿੱਚ ਤੇਜ਼ ਹਵਾਵਾਂ ਚੱਲ ਰਹੀਆਂ ਹਨ। ਮੌਸਮ ਵਿਭਾਗ ਮੁਤਾਬਕ ਮੀਂਹ ਦਾ ਸਿਸਟਮ ਹੌਲੀ-ਹੌਲੀ ਉੱਤਰ-ਪੱਛਮ ਵੱਲ ਵਧ ਰਿਹਾ ਹੈ, ਜੋ ਭਵਿੱਖ ਵਿੱਚ ਚੱਕਰਵਾਤ ਵਿੱਚ ਬਦਲ ਸਕਦਾ ਹੈ।

ਸ੍ਰੀਲੰਕਾ ਸਰਕਾਰ ਨੇ ਹੜ੍ਹ ਦੀ ਸਥਿਤੀ ਨਾਲ ਨਜਿੱਠਣ ਅਤੇ ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਣ ਲਈ ਸੈਨਾ ਅਤੇ ਜਲ ਸੈਨਾ ਨੂੰ ਤਾਇਨਾਤ ਕੀਤਾ ਹੈ। ਫੌਜ ਦੇ ਜਵਾਨ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਭੋਜਨ ਅਤੇ ਹੋਰ ਜ਼ਰੂਰੀ ਸਮਾਨ ਮੁਹੱਈਆ ਕਰਵਾ ਰਹੇ ਹਨ।

ਦੂਜੇ ਪਾਸੇ ਪੁਲਸ ਨੇ ਅਮਪਾਰਾ ਜ਼ਿਲ੍ਹੇ 'ਚ ਮੰਗਲਵਾਰ ਨੂੰ ਲਾਪਤਾ ਹੋਏ 6 'ਚੋਂ 2 ਵਿਦਿਆਰਥੀਆਂ ਦੀਆਂ ਲਾਸ਼ਾਂ ਬਰਾਮਦ ਕਰ ਲਈਆਂ ਹਨ। ਲਾਪਤਾ ਵਿਦਿਆਰਥੀਆਂ ਦੀ ਉਮਰ 12 ਤੋਂ 16 ਸਾਲ ਦਰਮਿਆਨ ਸੀ। ਜਿਸ ਟਰੈਕਟਰ-ਟਰਾਲੀ ਵਿੱਚ ਉਹ ਸਵਾਰ ਸਨ, ਉਹ ਹੜ੍ਹ ਦੇ ਪਾਣੀ ਵਿੱਚ ਰੁੜ੍ਹ ਗਏ। ਹਾਲਾਂਕਿ ਟਰੈਕਟਰ ਚਾਲਕ ਅਤੇ 5 ਹੋਰ ਵਿਦਿਆਰਥੀਆਂ ਨੂੰ ਮੌਕੇ ਤੋਂ ਬਚਾ ਲਿਆ ਗਿਆ। ਇਸ ਤੋਂ ਇਲਾਵਾ ਮੀਂਹ ਕਾਰਨ ਪਹਾੜੀ ਇਲਾਕਿਆਂ 'ਚ ਰੇਲ ਸੇਵਾ ਵੀ ਬੰਦ ਕਰ ਦਿੱਤੀ ਗਈ ਹੈ।

# ਟਰੰਪ ਨੇ ਭਾਰਤਵੰਸ਼ੀ ਭੱਟਾਚਾਰੀਆ ਨੂੰ ਬਣਾਇਆ ਐੱਨਆਈਐੱਚ ਡਾਇਰੈਕਟਰ

ਵਾਸ਼ਿੰਗਟਨ, 27 ਨਵੰਬਰ (ਪੋਸਟ ਬਿਊਰੋ): ਅਮਰੀਕਾ 'ਚ ਨਵੇਂ ਚੁਣੇ ਗਏ ਰਾਸ਼ਟਰਪਤੀ ਡੋਨਾਲਡ ਟਰੰਪ ਆਪਣੀ ਸਰਕਾਰ ਲਈ ਅਹਿਮ ਅਹੁਦਿਆਂ 'ਤੇ ਨਿਯੁਕਤੀ ਕਰ ਰਹੇ ਹਨ। ਭਾਰਤੀ ਮੂਲ ਦੇ ਕੁਝ ਲੋਕਾਂ ਨੂੰ ਵੀ ਇਸ ਵਿੱਚ ਥਾਂ ਮਿਲੀ ਹੈ। ਟਰੰਪ ਨੇ ਭਾਰਤੀ ਮੂਲ ਦੇ ਡਾਕਟਰ ਅਤੇ ਅਰਥ ਸ਼ਾਸਤਰੀ ਡਾਕਟਰ ਜੈ ਭੱਟਾਚਾਰੀਆ ਨੂੰ ਨੈਸ਼ਨਲ ਇੰਸਟੀਚਿਊਟ ਆਫ਼ ਹੈਲਥ (ਐੱਨਆਈਐੱਚ) ਦਾ ਡਾਇਰੈਕਟਰ ਨਿਯੁਕਤ ਕਰਨ ਦਾ ਫੈਸਲਾ ਕੀਤਾ ਹੈ। ਜੈ ਭੱਟਾਚਾਰੀਆ ਦੇਸ਼ ਦੇ ਪ੍ਰਮੁੱਖ ਮੈਡੀਕਲ ਖੋਜ ਸੰਸਥਾਨ ਦੀ ਜ਼ਿੰਮੇਵਾਰੀ ਸੰਭਾਲਣਗੇ।



ਐੱਨਆਈਐੱਚ ਦੇ ਨਿਰਦੇਸ਼ਕ ਵਜੋਂ, ਭੱਟਾਚਾਰੀਆ 27 ਸੰਸਥਾਵਾਂ ਦੀ ਨਿਗਰਾਨੀ ਕਰਨਗੇ। ਇਹ ਸੰਸਥਾਵਾਂ ਟੀਕੇ ਤਿਆਰ ਕਰਨ ਅਤੇ ਮਹਾਂਮਾਰੀ ਲਈ ਨਵੀਆਂ ਦਵਾਈਆਂ ਵਿਕਸਿਤ ਕਰਨ ਦਾ ਕੰਮ ਕਰਦੀਆਂ ਹਨ।

ਭੱਟਾਚਾਰੀਆ ਨੇ ਐਕਸ 'ਤੇ ਪੋਸਟ ਕਰਕੇ ਇਸ ਬਾਰੇ ਜਾਣਕਾਰੀ ਦਿੱਤੀ। ਭੱਟਾਚਾਰੀਆ ਨੇ ਕਿਹਾ- ਕਿ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਡਾਇਰੈਕਟਰ ਚੁਣੇ ਜਾਣ 'ਤੇ ਮੈਨੂੰ ਮਾਣ ਹੈ। ਅਸੀਂ ਅਮਰੀਕਾ ਦੀਆਂ ਵਿਗਿਆਨਕ ਸੰਸਥਾਵਾਂ ਨੂੰ ਸੁਧਾਰਾਂਗੇ ਤਾਂ ਜੋ ਉਨ੍ਹਾਂ 'ਤੇ ਦੁਬਾਰਾ ਭਰੋਸਾ ਕੀਤਾ ਜਾ ਸਕੇ ਅਤੇ ਅਮਰੀਕਾ ਨੂੰ ਦੁਬਾਰਾ ਸਿਹਤਮੰਦ ਬਣਾਉਣ ਲਈ ਵਿਗਿਆਨ ਦੀ ਬਿਹਤਰ ਵਰਤੋਂ ਕਰਾਂਗੇ।

# ਪਹਿਲਵਾਨ ਬਜਰੰਗ ਪੂਨੀਆ 'ਤੇ ਨਾਡਾ ਨੇ ਚਾਰ ਸਾਲ ਦੀ ਲਗਾਈ ਪਾਬੰਦੀ

ਨਵੀਂ ਦਿੱਲੀ, 27 ਨਵੰਬਰ (ਪੋਸਟ ਬਿਊਰੋ): ਟੋਕੀਓ ਓਲੰਪਿਕ ਦੇ ਕਾਂਸੀ ਤਮਗਾ ਜੇਤੂ ਪਹਿਲਵਾਨ ਬਜਰੰਗ ਪੂਨੀਆ 'ਤੇ ਰਾਸ਼ਟਰੀ ਡੋਪਿੰਗ ਏਜੰਸੀ (ਨਾਡਾ) ਨੇ ਚਾਰ ਸਾਲ ਦੀ ਪਾਬੰਦੀ ਲਗਾ ਦਿੱਤੀ ਹੈ। ਇਹ ਪਾਬੰਦੀ 23 ਅਪ੍ਰੈਲ 2024 ਤੋਂ ਅਗਲੇ ਚਾਰ ਸਾਲਾਂ ਲਈ ਜਾਰੀ ਰਹੇਗੀ। ਇਸ ਦੌਰਾਨ ਬਜਰੰਗ ਪੂਨੀਆ ਨੇ ਆਪਣਾ ਪ੍ਰਤੀਕਿਰਿਆ ਦਿੰਦਿਆਂ ਦੱਸਿਆ ਕਿ ਇਹ ਫੈਸਲਾ ਮੇਰੇ ਲਈ ਹੈਰਾਨੀ ਵਾਲੀ ਗੱਲ ਨਹੀਂ।

ਬਜਰੰਗ ਪੂਨੀਆ ਨੇ ਕਿਹਾ ਕਿ ਇਸ ਮਾਮਲੇ ਦੀ ਸੁਣਵਾਈ ਪਿਛਲੇ ਇੱਕ ਸਾਲ ਤੋਂ ਚੱਲ ਰਹੀ ਹੈ। ਮੈਂ ਪਹਿਲਾਂ ਵੀ ਕਿਹਾ ਹੈ ਕਿ ਮੈਂ ਨਮੂਨਾ ਨਾਡਾ ਨੂੰ ਦੇਣ ਤੋਂ ਇਨਕਾਰ ਨਹੀਂ ਕੀਤਾ ਹੈ। ਜਦੋਂ ਦਸੰਬਰ 2023 'ਚ ਉਹ ਡੋਪ ਟੈਸਟ ਕਰਵਾਉਣ ਲਈ ਮੇਰੇ ਘਰ ਆਏ, ਤਾਂ ਉਹ ਇੱਕ ਐਕਸਪਾਇਰੀ ਕਿੱਟ ਲੈ ਕੇ ਆਏ। ਮੈਂ ਸੋਸ਼ਲ ਮੀਡੀਆ 'ਤੇ ਵੀ ਪੋਸਟ ਕੀਤਾ ਸੀ ।

ਬਜਰੰਗ ਨੇ ਆਪਣੇ ਬਚਾਅ 'ਚ ਕਿਹਾ, ਤੁਸੀਂ ਕਿਸੇ ਖਿਡਾਰੀ ਨੂੰ ਐਕਸਪਾਇਰੀ ਕਿੱਟ ਨਹੀਂ ਦੇ ਸਕਦੇ ਅਤੇ ਜਿੱਥੋਂ ਤੱਕ ਮੇਰਾ ਸਵਾਲ ਹੈ, ਮੇਰੀ ਟੀਮ ਉੱਥੇ ਸੀ, ਇਸ ਲਈ ਉਨ੍ਹਾਂ ਨੇ ਇਹ ਦੇਖਿਆ। ਉਹ



2020, 2021, 2022 ਲਈ ਐਕਸਪਾਇਰੀ ਕਿੱਟਾਂ ਲੈ ਕੇ ਆਏ ਸਨ। ਮੈਂ ਆਪਣੇ ਯੂਰਿਨ ਦਾ ਨਮੂਨਾ ਦਿੱਤਾ ਪਰ ਫਿਰ ਮੇਰੀ ਟੀਮ ਨੇ ਕਿੱਟ ਦੀ ਜਾਂਚ ਕੀਤੀ ਅਤੇ ਪਾਇਆ ਕਿ ਇਸਦੀ ਮਿਆਦ ਖ਼ਤਮ ਹੋ ਚੁੱਕੀ ਸੀ।

ਇਸ ਲਈ ਅਸੀਂ ਕਿੱਟ ਦੀ ਇੱਕ ਵੀਡੀਓ ਬਣਾਈ ਅਤੇ ਇਸਨੂੰ ਨੂੰ ਮੇਲ ਕੀਤਾ, ਉਹਨਾਂ ਨੂੰ ਗਲਤੀ ਬਾਰੇ ਸੂਚਿਤ ਕੀਤਾ। ਪਰ ਉਨ੍ਹਾਂ ਨੇ ਆਪਣੀ ਗਲਤੀ ਨਹੀਂ ਮੰਨੀ, ਜਿਸਦਾ ਜਵਾਬ ਮੈਂ ਅੱਜ ਵੀ ਮੰਗ ਰਾਹ ਹਾਂ। ਉਨ੍ਹਾਂ ਕਿਹਾ ਕਿ ,ਮੈਂ ਕਿਸੇ ਵੇਲੇ ਟੈਸਟ ਲਈ ਤਿਆਰ ਹਾਂ .

ਪਹਿਲਵਾਨ ਵਿਨੇਸ਼ ਦੇ ਨਾਲ ਹਾਲ ਹੀ 'ਚ ਕਾਂਗਰਸ 'ਚ ਸ਼ਾਮਲ ਹੋਏ ਬਜਰੰਗ ਨੂੰ ਇਸ ਫੈਸਲੇ ਖਿਲਾਫ ਅਪੀਲ ਕਰਨ ਦਾ ਅਧਿਕਾਰ ਹੈ। ਉਹ ਫੈਸਲੇ ਦੇ ਖਿਲਾਫ ਨਾਡਾ ਦੇ ਅਪੀਲ ਪੈਨਲ 'ਚ ਜਾ ਸਕਦੇ ਹਨ । ਇਸ ਦੌਰਾਨ ਪੂਨੀਆ ਨੇ ਦੋਸ਼ ਲਾਇਆ ਕਿ ਸਰਕਾਰ ਕੁਸ਼ਤੀ ਫੈਡਰੇਸ਼ਨ ਆਫ ਇੰਡੀਆ ਦੇ ਸਾਬਕਾ ਪ੍ਰਧਾਨ ਅਤੇ ਭਾਜਪਾ ਆਗੂ ਬ੍ਰਿਜ ਭੂਸ਼ਣ ਸ਼ਰਨ ਸਿੰਘ ਖ਼ਿਲਾਫ ਚੱਲ ਰਹੇ ਧਰਨੇ 'ਚ ਸ਼ਾਮਲ ਕਰਨ ਦਾ ਬਦਲਾ ਲੈਣਾ ਚਾਹੁੰਦੀ ਹੈ।

ਰਾਸ਼ਟਰੀ ਡੋਪਿੰਗ ਰੋਕੂ ਏਜੰਸੀ ਨੇ ਇਹ ਫੈਸਲਾ 10 ਮਾਰਚ, 2024 ਨੂੰ ਹੋਏ ਰਾਸ਼ਟਰੀ ਟੀਮ ਚੋਣ ਟਰਾਇਲਾਂ ਦੌਰਾਨ ਡੋਪਿੰਗ ਟੈਸਟ ਲਈ ਯੂਰਿਨ ਦਾ ਨਮੂਨਾ ਦੇਣ ਤੋਂ ਇਨਕਾਰ ਕਰਨ ਕਾਰਨ ਲਿਆ ਗਿਆ ਹੈ। ਨਾਡਾ ਨੇ ਬਜਰੰਗ ਨੂੰ ਡੋਪਿੰਗ ਰੋਕੂ ਨਿਯਮ 2.3 ਦੀ ਉਲੰਘਣਾ ਕਰਨ ਦਾ ਦੋਸ਼ੀ ਪਾਇਆ ਅਤੇ ਬਾਅਦ 'ਚ ਉਨ੍ਹਾਂ ਵਿਰੁੱਧ ਇਹ ਸਜ਼ਾ ਲਗਾਈ ਗਈ।

ਜ਼ਿਕਰਯੋਗ ਹੈ ਕਿ ਬਜਰੰਗ ਪੂਨੀਆ ਨੇ 10 ਮਾਰਚ ਨੂੰ ਟਰਾਇਲ ਦੌਰਾਨ ਡੋਪਿੰਗ ਟੈਸਟ ਲਈ ਯੂਰਿਨ ਦਾ ਨਮੂਨਾ ਦੇਣ ਤੋਂ ਇਨਕਾਰ ਕਰ ਦਿੱਤਾ ਸੀ। ਫਿਰ ਨਾਡਾ ਨੇ ਜਾਂਚ ਸ਼ੁਰੂ ਕੀਤੀ ਅਤੇ 23 ਅਪ੍ਰੈਲ ਨੂੰ ਉਨ੍ਹਾਂ ਨੂੰ ਅਸਥਾਈ ਤੌਰ 'ਤੇ ਮੁਅੱਤਲ ਕਰ ਦਿੱਤਾ। ਬਾਅਦ 'ਚ ਵਿਸ਼ਵ ਕੁਸ਼ਤੀ ਮਹਾਸੰਘ ਨੇ ਵੀ ਉਸ ਨੂੰ ਮੁਅੱਤਲ ਕਰ ਦਿੱਤਾ।

# ਵਾਇਨਾਡ ਕਾਂਗਰਸ ਨੇਤਾਵਾਂ ਨੇ ਪ੍ਰਿਯੰਕਾ ਗਾਂਧੀ ਨੂੰ ਸੌਂਪਿਆ ਜਿੱਤ ਦਾ ਸਰਟੀਫਿਕੇਟ



ਨਵੀਂ ਦਿੱਲੀ, 27 ਨਵੰਬਰ (ਪੋਸਟ ਬਿਊਰੋ): ਕੇਰਲ ਦੇ ਵਾਇਨਾਡ ਤੋਂ ਕਾਂਗਰਸ ਨੇਤਾਵਾਂ ਨੇ ਬੁੱਧਵਾਰ ਨੂੰ ਪ੍ਰਿਯੰਕਾ ਗਾਂਧੀ ਵਾਡਰਾ ਨੂੰ ਲੋਕ ਸਭਾ ਉਪ ਚੋਣ ਲਈ ਚੋਣ ਦਾ ਪ੍ਰਮਾਣ ਪੱਤਰ ਸੌਂਪਿਆ। ਇਸ ਮੌਕੇ ਰਾਹੁਲ ਗਾਂਧੀ ਵੀ ਮੌਜੂਦ ਸਨ।

ਸੂਤਰਾਂ ਨੇ ਦੱਸਿਆ ਕਿ ਪ੍ਰਿਯੰਕਾ ਗਾਂਧੀ ਵੀਰਵਾਰ ਨੂੰ ਲੋਕ ਸਭਾ ਮੈਂਬਰ ਵਜੋਂ ਸਹੁੰ ਚੁੱਕ ਸਕਦੇ ਹਨ। ਸੂਤਰਾਂ ਦਾ ਕਹਿਣਾ ਹੈ ਕਿ ਜਿੱਤ ਦਾ ਪ੍ਰਮਾਣ ਪੱਤਰ ਮਿਲਣ ਤੋਂ ਬਾਅਦ ਪ੍ਰਿਯੰਕਾ ਗਾਂਧੀ ਨੇ ਵਾਇਨਾਡ ਦੇ ਲੋਕਾਂ ਦੇ ਭਾਰੀ ਸਮਰਥਨ ਅਤੇ ਭਰੋਸੇ ਲਈ ਧੰਨਵਾਦ ਕੀਤਾ ਅਤੇ ਨਾਲ ਹੀ ਚੋਣਾਂ ਦੌਰਾਨ ਕਾਂਗਰਸ ਨੇਤਾਵਾਂ ਦੇ ਅਣਥੱਕ ਯਤਨਾਂ ਦੀ ਪ੍ਰਸ਼ੰਸਾ ਕੀਤੀ।

ਸੂਤਰਾਂ ਨੇ ਦੱਸਿਆ ਕਿ ਬੈਠਕ ਦੌਰਾਨ ਪ੍ਰਿਯੰਕਾ ਗਾਂਧੀ ਨੇ ਨੇਤਾਵਾਂ ਨਾਲ ਸਥਾਨਕ ਚਿੰਤਾਵਾਂ ਨੂੰ ਦੂਰ ਕਰਨ ਅਤੇ ਵਾਇਨਾਡ ਦੇ ਵਿਕਾਸ ਅਤੇ ਭਲਾਈ ਲਈ ਕੰਮ ਕਰਨ ਬਾਰੇ ਚਰਚਾ ਕੀਤੀ। ਪ੍ਰਿਯੰਕਾ ਗਾਂਧੀ ਵਾਇਨਾਡ ਉਪ ਚੋਣ ਵਿੱਚ 4.1 ਲੱਖ ਤੋਂ ਵੱਧ ਵੋਟਾਂ ਦੇ ਫਰਕ ਨਾਲ ਚੁਣੇ ਗਏ ਹਨ।

TechSpirit
Consultation, Installation & Servicing
Specialized in:
• Analog & IP security cameras • Installation & Maintenance, Upgrade • Video Doorbell Installation
1080p HD ਦੇ 4 ਸਿਕਉਰਿਟੀ ਕੈਮਰੇ ਸਿਰਫ $999 ਵਿੱਚ ਲਗਵਾਓ
Call: 905-621-4100
7-8770 The Gore Road, Brampton, ON L6P 0B1

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

You can Place Your Business Here To Reach Wider Audience (905)793-2202
For more info Call 905-793-2202 or e-mail ads@punjabipost.ca

Visions of Punjab
VISION ZOOMERTV
Airs Across Canada Every Saturday 1:00 pm to 1:30 pm EST 10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

You can Place Your Business Here To Reach Wider Audience (905)793-2202
For more info Call 905-793-2202 or e-mail ads@punjabipost.ca

**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior • Interior • Spray Painting • Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜ਼ਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

28 ਨਵੰਬਰ ਨੂੰ ਬਰਸੀ 'ਤੇ ਵਿਸ਼ੇਸ਼

# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਾਥੀ ਭਾਈ ਮਰਦਾਨਾ ਜੀ

ਡਾ. ਅਜੀਤ ਸਿੰਘ ਕੋਟਕਪੂਰਾ,
0015853050443

ਸਿੱਖ ਧਰਮ ਦੇ ਮੋਢੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਮੁੱਢ ਕਦੀਮ ਦਾ ਸਾਥੀ ਤੇ ਗੁਰੂ ਜੀ ਦੇ ਪਹਿਲੇ ਸਿੱਖਾਂ ਵਿਚ ਹੋਣ ਕਰਕੇ ਸਿੱਖ ਪੰਥ ਵਿਚ ਜੋ ਦਰਜਾ ਭਾਈ ਮਰਦਾਨੇ ਦਾ ਹੈ ਉਹ ਹੋਰ ਕਿਸੇ ਹਜ਼ੂਰੀ ਸਿੱਖ ਦਾ ਨਹੀਂ ਮੰਨਿਆ ਜਾ ਸਕਦਾ । ਸਿੱਖ ਸਾਹਿਤ ਤੇ ਇਤਿਹਾਸ ਵਿਚ ਭਾਈ ਮਰਦਾਨੇ ਨੂੰ ਬੜੀ ਭਾਰੀ ਅਹਿਮੀਅਤ ਪ੍ਰਾਪਤ ਹੈ । ਉਹ ਜਾਤ ਦਾ ਮਰਾਸੀ ਅਤੇ ਅੱਵਲ ਦਰਜੇ ਦਾ ਗਵੱਈਆ ਅਥਵਾ ਸੰਗੀਤਕਾਰ ਸੀ । ਜਨਮ ਸਾਖੀ ਗੁਰੂ ਨਾਨਕ (ਭਾਈ ਪੈੜਾ ਮੋਖਾ ) ਤੋਂ ਪਤਾ ਲਗਦਾ ਹੈ ਕਿ ਭਾਈ ਮਰਦਾਨਾ ਬੇਦੀਆਂ ਦਾ ਮਿਰਾਸੀ ਤੇ ਪਿੰਡ ਤਲਵੰਡੀ ਰਾਏ ਭੋਇ ਭੱਟੀ ਕੀ (ਹੁਣ ਪ੍ਰਸਿੱਧ ਨਗਰ ਨਨਕਾਣਾ ਸਾਹਿਬ ਜ਼ਿਲ੍ਹਾ ਸ਼ੇਖ਼ੂਪੁਰਾ ਪਾਕਿਸਤਾਨ ) ਦਾ ਵਸਨੀਕ ਸੀ ।ਪ੍ਰੋਫ਼ੈਸਰ ਸਾਹਿਬ ਸਿੰਘ ਅਨੁਸਾਰ ਭਾਈ ਮਰਦਾਨਾ,ਚੋਂਭੜ ਜਾਤ ਦੇ ਮਿਰਾਸੀ ਮੀਰ ਬਾਦਰੇ ਦਾ ਪੁੱਤਰ ਸੀ, ਜਿਨ੍ਹਾਂ ਦਾ ਜਨਮ ਤਲਵੰਡੀ ਵਿਚ ਫੱਗਣ, ਸੰਮਤ 1516 ਨੂੰ ਹੋਇਆ। ਉਹ ਗੁਰੂ ਨਾਨਕ ਦੇਵ ਜੀ ਨਾਲੋਂ ਉਮਰੋਂ 9 ਸਾਲ 2 ਮਹੀਨੇ ਵੱਡਾ ਸੀ।ਮਰਦਾਨੇ ਨੂੰ ਰਾਗ ਦਾ ਬੜਾ ਸ਼ੌਂਕ ਸੀ। ਮਿਰਾਸੀਆਂ ਦਿਆਂ ਬੱਚਿਆਂ ਨੂੰ ਰਾਗ ਦੀ ਹੀ ਗੁੜ੍ਹਤੀ ਮਿਲਦੀ ਹੈ। ਉਸ ਦਾ ਪਿਆਰਾ ਤੰਤੀ-ਸਾਜ਼ ਰਬਾਬ ਸੀ।ਰਾਗ ਦੀ ਬਰਕਤ ਕਰਕੇ ਹੀ ਮਰਦਾਨੇ ਨੂੰ ਗੁਰੂ ਨਾਨਕ ਦੇਵ ਜੀ ਦੀ ਸੰਗਤ ਦਾ ਸੁਭਾਗ ਮਿਲਿਆ।ਇਸ ਦਾ ਨਾਮ ਸਤਿਗੁਰੂ ਜੀ ਦੇ ਨਾਮ ਨਾਲ ਅਟੁੱਟ ਤੌਰ 'ਤੇ ਜੁੜਿਆ ਹੋਇਆ ਹੈ।

ਪ੍ਰੋਫ਼ੈਸਰ ਸਾਹਿਬ ਸਿੰਘ ਅਨੁਸਾਰ ਸਿੱਖ-ਇਤਿਹਾਸ ਨੇ ਉੱਘੜ ਕੇ ਇਹ ਨਹੀਂ ਦੱਸਿਆ ਕਿ ਮਰਦਾਨੇ ਦਾ ਸਾਥ ਗੁਰੂ ਨਾਨਕ ਜੀ ਨਾਲ ਕਦੋਂ ਤੋਂ ਸ਼ੁਰੂ ਹੋਇਆ, ਪਰ ਪਿੰਡਾਂ ਦੇ ਜੀਵਨ ਨੂੰ ਜਾਨਣ ਵਾਲੇ ਇਹ ਅੰਦਾਜ਼ਾਲਾਏ ਬਿਨਾ ਨਹੀਂ ਰਹਿ ਸਕਦੇ ਕਿ ਸਾਥ ਛੋਟੀ ਉਮਰ ਤੋਂ ਹੀ ਬਣ ਗਿਆ ਹੋਵੇਗਾ।ਗੁਰੂ ਨਾਨਕ ਦੇਵ ਜੀ ਦੇ ਪਿਤਾ, ਰਾਇ ਬੁਲਾਰ ਦੇ ਦਸਾਂ ਪਿੰਡਾਂ ਦੇ ਪਟਵਾਰੀ ਸਨ, ਇਸ ਲਈ ਮਰਦਾਨੇ ਦੇ ਪਿਤਾ ਬਾਦਰੇ ਦਾ, ਬਾਬਾ ਕਾਲੂ ਜੀ ਪਾਸ ਨਿੱਤ ਆਉਂਦੇ ਜਾਂਦੇ ਰਹਿਣਾ ਕੁਦਰਤੀ ਗੱਲ ਸੀ। ਇਸ ਘਰੋਂ ਉਸ ਦੀਆਂ ਅਨੇਕਾਂ ਲੋੜਾਂ ਪੂਰੀਆਂ ਹੋਣ ਦੀ ਸੰਵਾਵਨਾ ਸੀ। ਪਿਓ ਦੇ ਸਬੱਬ ਮਰਦਾਨੇ ਦਾ ਵੀ ਉਨ੍ਹਾਂ ਦੇ ਘਰ ਜਾਣਾ ਕੁਦਰਤੀ ਸੀ।ਮਿਰਾਸੀ ਦਾ ਗੁਜਾਰਾ ਹੀ ਇਸੇ ਗੱਲ ਵਿਚ ਹੈ ਕਿ ਉਹ ਹਰੇਕ ਕਿਸਾਨ ਜਾਂ ਮਾਲਕ ਦੇ ਵੱਟ- ਬੰਨੇ ਉੱਤੇ ਜਾ ਕੇ ਸਦਾ ' ਪੀਰਾਂ ਦੀ ਰੱਖ, ਅੱਲਾ ਦੀ ਰੱਖ' ਆਖਦਾ ਰਹੇ। ਇਹੋ ਕਿਤਾ ਬਾਦਰੇ ਦਾ ਹੋ ਸਕਦਾ ਸੀ , ਤੇ ਬਾਦਰੇ ਨਾਲ ਉਸ ਦੇ ਪੁੱਤਰ ਮਰਦਾਨੇ ਦਾ।ਪਰ ਉਸ ਦੇ ਗੁਣ ਦੀ ਕਦਰ ਕਰਨ ਵਾਲੇ ਗੁਰੂ ਨਾਨਕ ਦੇਵ ਜੀ ਨੇ ਉਸ ਨੂੰ ਆਪਣਾ ਬਣਾ ਲਿਆ।

ਜਿੱਥੋਂ ਤੀਕ ਨਾਂ ਦਾ ਸਬੰਧ ਹੈ , ਪਹਿਲਾਂ ਮਾਈ ਲਖੋ ਦੇ ਛੇ ਬੱਚੇ ਪੈਦਾ ਹੋ ਕੇ ਮਰ ਚੁੱਕੇ ਸਨ ਇਸ ਲਈ ਉਸ ਨੇ ਇਸ ਸੱਤਵੇਂ ਬੱਚੇ ਦਾ ਨਾਂ 'ਮਰਜਾਣਾ' ਰੱਖਿਆ ਸੀ ।ਪਰ ਜਦ ਗੁਰੂ ਨਾਨਕ ਜੀ ਨੇ ਉਸ ਨੂੰ ਸੁਭਾਵਿਕ ਹੀ 'ਮਰਦਾਨਾ' ਕਹਿ ਕੇ ਸੱਦਿਆ ਤਾਂ ਉਹ ਅਮਰ ਪਦਵੀ 'ਮਰਦਾ ਨਾ' ਮਿਲਣ ਕਰ ਕੇ ਮਰਦਾਨਾ ਹੀ ਬਣ ਗਿਆ ।

ਬਚਪਨ ਤੋਂ ਭਾਈ ਮਰਦਾਨੇ ਦੀ ਸਭ ਤੋਂ ਵਡੀ ਸਿਫਤ ਇਹੋ ਸੀ ਕਿ ਉਸ ਦਾ ਬੱਚਿਆਂ ਵਰਗਾ ਸਾਫ ,ਸ਼ੁੱਧ ਅਤੇ ਮਿਲਾਪੜਾ ਸੁਭਾਅ ,ਸੰਜੀਦਾ ਵਰਤਾਅ ,ਵਿਦਿਆ ਤੇ ਸੰਗੀਤ ਨਾਲ ਦਿਲੀ ਲਗਾਅ ਅਤੇ ਇਨਸਾਨੀਅਤ ਵਲ ਪੂਰੀ ਤਰ੍ਹਾਂ ਝੁਕਾਅ ਸੀ ਜੋ ਕੇ ਸ੍ਰੀ ਗੁਰੂ ਨਾਨਕ ਦੇਵ ਜੀ ਨੂੰ ਪਸੰਦ ਆਇਆ। ਸ੍ਰੀ ਗੁਰੂ ਨਾਨਕ ਦੇਵ ਜੀ , ਜੋ ਇਨਸਾਨੀਅਤ ਦੇ ਸਚੇ ਪਾਰਖੂ ਤੇ ਤਤਕਾਲੀਨ ਜਨ-ਸਮਾਜ ਦੇ ਸਹੀ ਰਹਿਬਰ ਸਨ, ਕਦੇ ਇਕ ਖਿਨ-ਪਲ ਵੀ ਮਰਦਾਨੇ ਨੂੰ ਆਪਣੇ ਨਾਲੋਂ ਵੱਖ ਕਰਨਾ ਪਸੰਦ ਨਾ ਕੀਤਾ ।

ਭਾਈ ਮਨੀ ਸਿੰਘ ਨੇ ਭਾਈ ਮਰਦਾਨਾ ਦਾ ਗੁਰੂ ਪਾਤਸ਼ਾਹ ਨਾਲ ਪਹਿਲਾ ਮੇਲ ਲਗਭਗ 1480 ਈਸਵੀ ਵਿਚ ਹੋਇਆ ਦੱਸਿਆ ਹੈ ।ਉਨ੍ਹਾਂ ਅਨੁਸਾਰ ਉਸ ਸਮੇਂ ਬਾਬਾ ਨਾਨਕ ਜੀ ਦੀ ਉਮਰ ਕੋਈ 11 ਕੁ ਸਾਲ ਦੀ ਸੀ ਤੇ ਮਰਦਾਨਾ 21 ਸਾਲਾਂ ਦਾ ਸੀ । ਦੋਵੇਂ ਪਿਆਰ ਦੇ ਬੰਧਨ ਵਿਚ ਬੰਨੇ ਗਏ ਸਨ । ਦੋਵੇਂ ਰਲ ਕੇ ਗਾਉਣ ਲਗੇ । ਦੋਹਾਂ ਦੀ ਸਾਂਝ ਰਾਗ ਸੀ ।ਸ਼ਬਦ ਦਾ ਗਾਇਨ ਸਮੇਂ ਗੁਰੂ ਪਾਤਸ਼ਾਹ ਜਦ ਵੀ ਬੋਲਦੇ, ਇਹੋ ਹੀ ਆਖਦੇ, "ਮਰਦਾਨਿਆ ਰਬਾਬ ਵਜਾਇ ।ਕਾਈ ਸਿਫਤ ਖ਼ੁਦਾਇ ਦੇ ਦੀਦਾਰ ਦੀ ਕਰੀਏ ।"ਦੋਵੇਂ ਤਰੁਨਮ ਨਾਲ ਵਜਦ ਵਿਚ ਆ ਜਾਂਦੇ । ਕਿਸੇ ਅਗੰਮੀ ਰਸ ਨਾਲ ਸਰਸ਼ਾਰ ।ਕਹਿਣ ਨੂੰ ਤਾਂ ਇਕ ਮੁਰਸ਼ਦ ਤੇ ਦੂਜਾ ਮੁਰੀਦ ਸੀ ਪਰ ਇਹ ਤਾਂ ਜਨਮਾਂ ਦੀ ਸਾਂਝ ਭਿਆਲੀ ਰੱਖਣ ਵਾਲੇ ਦੋ ਸੰਗੀ ਸਨ । ਦੋਵੇਂ ਇਕ ਦੂਜੇ ਸੰਗ ਸਾਥ ਨੂੰ ਮਾਣਦੇ । ਦੋਨਾਂ ਦੀ ਖ਼ੁਦਾਵੰਦ ਕਰੀਮ ਨਾਲ ਮੁਹੱਬਤ ।ਉਮਰਾਂ ਦੇ ਕਈ ਵਰ੍ਹੇ ਇਕੱਠੇ ਬਿਤਾਏ । ਜਿਨ੍ਹਾਂ ਲੰਮਾ ਅਰਸਾ ਭਾਈ ਮਰਦਾਨੇ ਨੇ ਬਾਬੇ ਨਾਨਕ ਦੀ ਛੋਹ ਦਾ ਸੁਆਦ ਮਾਣਿਆ ਉਨ੍ਹਾਂ ਹੀ ਉਹਨਾਂ ਦਾ ਬਿੰਬ ਸਾਖੀਕਾਰਾਂ ਨੇ ਭੁੱਖਾ, ਤਿਹਾਇਆ ,ਲਾਲਚੀ,ਮੰਗਤਾ ਤੇ ਡਰਪੋਕ ਜੇਹਾ ਬਣਾ ਕੇ ਉਭਾਰਿਆ । ਪ੍ਰੰਤੂ ਉਹ ਤਾਂ ਉਚੇ ਦਰਜੇ ਦਾ ਮਹਾਂਪੁਰਖ ,ਨਿਰਛਲ ,ਨਿਰਕਪਟ ,ਹਲੀਮ ,ਸੂਰਮਾ ਜੋ ਵਖਤੈ ਉਪਰ ਲੜ ਮਰਨ ਵਾਲਾ ,ਕਸ਼ਟਾਂ ਨੂੰ ਹੱਸ ਕੇ ਝੱਲਣ ਵਾਲਾ ,ਰਾਗ ਵਿਦਿਆ ਵਿਚ ਪ੍ਰਬੀਨ ਅਤੇ ਦਲੇਰ ਸ਼ਖਸ਼ੀਅਤ ਸੀ ।ਗੁਰੂ ਜੀ ਦਾ ਅਜਿਹਾ ਸਾਥੀ ਬਣਿਆ ,ਜਿਸ ਨੇ ਹਰ ਦੁੱਖ ਤੇ ਆਈ ਔਕੜ ਨੂੰ ਦਲੇਰੀ ਨਾਲ ਨਜਿਠਿਆ । ਕੌਡੇ ਰਾਖਸ਼ ਤੇ ਵਲੀ ਕੰਧਾਰੀ ਵਰਗਿਆਂ ਦਾ ਸਾਹਮਣਾ ਕੀਤਾ ਤੇ ਗੁਰੂ ਦੇ ਹੁਕਮਾਂ ਦੀ ਪਾਲਣਾ ਬੜੀ ਨਿਰਭੈਅਤਾ ਨਾਲ ਕੀਤੀ ।

ਮਰਦਾਨਾ ਆਪਣੇ ਪਿਤਾ ਦੇ ਵੇਲੇ ਦੀਆਂ ਗਾਇਕ ਢਾਣੀਆਂ ਦੀ ਸੰਗਤ ਵਿਚ ਸਾਜ਼-ਸੰਗੀਤ ਵਿਚ ਢਲ ਗਿਆ ਸੀ । ਉਹ ਸਾਰੰਗੀ ਤੇ ਰਬਾਬ ਦਾ ਮਾਹਿਰ ਉਸਤਾਦ ਬਣ ਗਿਆ । ਉਹ ਰਬਾਬ



ਇਤਨੀ ਮਨਮੋਹਕ ਵਜਾਉਂਦਾ ਸੀ ਕਿ ਬਾਬਾ ਨਾਨਕ ਵੀ ਉਸ ਦੀ ਪ੍ਰਸ਼ੰਸਾ ਕਰਨੋ ਨਾ ਰਹਿ ਸਕਦੇ । ਹੁਣ ਗੁਰੂ ਨਾਨਕ ਸਾਹਿਬ ਜੀ ਨੇ ਮਾਨਵ ਕਲਿਆਣ ਦੇ ਤਰਾਨੇ ਲਿਖਣੇ ਤੇ ਗਾਉਣੇ ਸ਼ੁਰੂ ਕਰ ਦਿਤੇ । ਉਧਰ ਮਰਦਾਨੇ ਦੀ ਮਨ- ਮੁਗਧ ਰਬਾਬ ਨਾਲ ਗੁਰੂ ਬਾਬੇ ਦੀ ਰਸ ਭਰੀ ਆਵਾਜ਼ ਇਕ ਦੂਜੇ ਵਿਚ ਇਕ ਮਿਕ ਹੋ ਕੇ ਜੁਗ ਪਲਟਾਊ ਲਹਿਰ ਦਾ ਅਗਾਜ਼ ਕਰਨ ਲੱਗੀ । ਗੁਰੂ ਜੀ ਮਰਦਾਨੇ ਦੀ ਸਰਲਤਾ ਤੇ ਬਹੁਤ ਖੁਸ਼ ਹੋਏ ਤੇ ਆਖਣ ਲੱਗੇ ,"ਮਰਦਾਨਿਆ ਉਚ ਨੀਚ ਜਾਤਾਂ ਦੇ ਭਰਮ ਤਾਂ ਲੋਕਾਂ ਨੇ ਪਾ ਦਿਤੇ ।ਰੱਬ ਨੇ ਜਿਹੋ ਜਿਹਾ ਹੱਡ ਚੰਮ ਦਾ ਮੈਨੂੰ ਬਣਾਇਆ ਹੈ ,ਤੇਹਾ ਹੀ ਤੈਨੂੰ ਬਣਾਇਆ ਹੈ ।ਰੱਬ ਨੇ ਆਪਣੀ ਜੋਤ ਤੇਰੇ ਤੇ ਮੇਰੇ ਵਿਚ ਰੱਖੀ ਹੈ । ਰੱਬ ਨੇ ਤੈਨੂੰ ਕਈਆਂ ਨਾਲੋਂ ਚੰਗਾ ਬਣਾਇਆ ਹੈ ਕਿਓਂਕਿ ਤੈਨੂੰ ਰਾਗ ਦੀ ਸੂਝ ਦਿਤੀ ਹੈ । ਰਬਾਬ ਵਜਾਉਣ ਦਾ ਹੁਨਰ ਦਿਤਾ ਹੈ ਤੇ ਨਾਲ ਸੰਤੋਖ ਵੀ ਦਿਤਾ ਹੈ । ਤੂੰ ਸਮਾਜ ਦਾ ਢਾਢੀ ਬਣ ,ਮੈਂ ਸਚੇ ਪਰਮੇਸ਼ਰ ਦਾ ਢਾਢੀ । ਸਾਡੇ ਵਿਚ ਫਰਕ ਕੋਈ ਨਾ । ਤੂੰ ਵੀ ਰੱਬ ਦਾ ਢਾਢੀ ਬਣ ,ਤੇਰੇ ਸਾਰੇ ਮਨੋਰਥ ਪੂਰੇ ਹੋਣਗੇ । ਇਸ ਤਰਾਂ ਮਰਦਾਨੇ ਦਾ ਬਾਬੇ ਨਾਲ ਮੇਲ ਹੋਇਆ ਤੇ ਮਰਦਾਨਾ ਸਦਾ ਲਈ ਗੁਰੂ ਨਾਨਕ ਦਾ ਹੋ ਗਿਆ "

ਸ੍ਰੀ ਗੁਰੂ ਨਾਨਕ ਸਾਹਿਬ ਜੀ ਆਪਣੇ ਆਪ ਨੂੰ ਹਰ ਤਰ੍ਹਾਂ ਦੇ ਜਾਤੀ ਬੰਧਨਾਂ ਤੋਂ ਮੁਕਤ ਸਮਝਦੇ ਸਨ ਤੇ ਦਿਨੋ-ਦਿਨ ਜਾਤੀ-ਬੰਧਨਾਂ ਵਿਚ ਨਪੀੜੇ ਜਾ ਰਹੇ ਜਨ -ਸਮਾਜ ਨੂੰ ਸਦੀਵੀ ਜੀਵਨ-ਮੁਕਤੀ ਪ੍ਰਾਪਤ ਕਰਨ ਵਾਸਤੇ ਉਹ ਇਸ ਖੁਲ - ਦਿਲੀ ਦਾ ਉਪਦੇਸ਼ ਦਿੰਦੇ ਸਨ ।ਗੁਰੂ ਗਰੰਥ ਸਾਹਿਬ ਜੀ ਵਿਚ ਅੰਗ 1329 ਉਪਰ ਸੁਭਾਏਮਾਨ ਪਰਭਾਤੀ ਰਾਗ ਵਿਚ ਪਹਿਲੇ ਪਾਤਸ਼ਾਹ ਜੀ ਲਿਖਦੇ ਹਨ ਕਿ------

ਉਚਾ ਤੇ ਫੁਨਿ ਨੀਚੁ ਕਰਤ ਹੈ ,ਨੀਚੁ ਕਰੇ ਸੁਲਤਾਨ ॥
ਜਿਨੀ ਜਾਣ ਸੁਜਾਣਿਆ ,ਜਗਿ ਤੇ ਪੂਰੇ ਪਰਵਾਣ ॥

-(ਸਗਗਸ---ਅੰਗ 1329)

ਇਸੇ ਕਾਰਨ ਗੁਰੂ ਨਾਨਕ ਸਾਹਿਬ ਹਮੇਸ਼ਾਂ ਨੀਵਿਆਂ ਨੂੰ ਉੱਚਿਆਉਂਦੇ ,ਸਲਾਹੁੰਦੇ ਤੇ ਵਡਿਆਉਂਦੇ ਹੋਏ ਕਹਿੰਦੇ ਹਨ -------

ਨੀਚਾ ਅੰਦਰ ਨੀਚ ਜਾਤਿ ,ਨੀਚੀ ਹੂ ਅਤਿ ਨੀਚ ।
ਨਾਨਕ ਤਿਨ ਕੇ ਸੰਗ ਸਾਥ ,ਵਡਿਆਂ ਸੋ ਕਿਆ ਰੀਸ ।
ਜਿਥੈ ਨੀਚ ਸਮਾਲੀਅਨਿ ,ਤਿਥੈ ਨਦਰਿ ਤੇਰੀ ਬਖਸ਼ੀਸ਼ ।
-(ਸਗਗਸ --ਅੰਗ 15 --ਸ੍ਰੀ ਰਾਗ ਮਹੱਲਾ 1 )

ਭਾਈ ਮਰਦਾਨਾ ਗੁਰੂ ਸਾਹਿਬ ਜੀ ਦਾ ਸਾਥੀ ਸੀ । ਉਸ ਦੇ ਮਨ ਅੰਦਰ ਜਦੋਂ ਵੀ ਕੋਈ ਸ਼ੰਕਾ ਪੈਦਾ ਹੁੰਦੀ ਤਾਂ ਉਹ ਬੜੀ ਦਲੇਰੀ ਨਾਲ ਬਾਬਾ ਜੀ ਤੋਂ ਸਪਸ਼ਟੀਕਰਣ ਲੈ ਲਿਆ ਕਰਦਾ ਸੀ । ਉਸ ਦੀ ਦਲੀਲ ਹਮੇਸ਼ਾ ਹੀ ਦਮਦਾਰ ਹੁੰਦੀ ਸੀ ਅਤੇ ਸਪਸ਼ਟੀਕਰਣ ਗੁਰੂ ਸਾਹਿਬ ਆਪ ਹੀ ਦਿਆ ਕਰਦੇ ਸਨ । ਜੇ ਕਰ ਉਸ ਦੀ ਤਸੱਲੀ ਨਾ ਹੁੰਦੀ ਤਾਂ ਉਹ ਦੁਬਾਰਾ ਪੁੱਛਣ ਤੋਂ ਘਬਰਾਉਂਦਾ ਨਹੀਂ ਸੀ । ਉਸ ਨੇ ਇਕ ਵਾਰ ਦੋਵੇਂ ਹੱਥ ਜੋੜ ਆਖਿਆ,'ਬਾਬਾ ਤੇਰਾ ਮੇਰਾ ਅੰਤਰ ਨਾਹੀਂ ,ਤੂੰ ਖੁਦਾਇ ਦਾ ਡੂਮ ਹਉ ਤੇਰਾ ਡੂਮ । ਤੈਂ ਖੁਦਾਇ ਪਾਇਆ ਹੈ ,ਤੈਂ ਖੁਦਾਇ ਦੇਖਿਆ ਹੈ ,ਤੇਰਾ ਕਿਹਾ ਖੁਦਾਇ ਕਰਦਾ ਹੈ ,

ਮੇਰੀ ਬੇਨਤੀ ਹੈ ,ਇਕ ,ਮੈਨੂੰ ਵਿਛੋੜਨਾ ਨਾਹੀਂ ਆਪ ਨਾਲੋਂ,ਨਾ ਏਥੇ,ਨਾ ਓਥੇ ,'

ਬਾਬੇ ਗੁਰੂ ਨੇ ਉਸੇ ਵੇਲੇ ਰਹਿਮ ਕਰਕੇ ਫਰਮਾਇਆ ,'ਮਰਦਾਨਿਆ ਤੁਧ ਉਪਰ ਮੇਰੀ ਖੁਸ਼ੀ ਹੈ । ਜਿਥੇ ਤੇਰਾ ਵਾਸਾ, ਉਥੇ ਮੇਰਾ ਵਾਸਾ ।'

ਭਾਈ ਮਰਦਾਨਾ ਜੀ ਦੇ ਨਾਲ ਗੁਰੂ ਬਾਬੇ ਨੇ ਅਨੇਕਾ ਬਚਨ ਬਿਲਾਸ ਕੀਤੇ । ਅਨੇਕ ਪ੍ਰਸ਼ਨ ਉਤਰ ਕਰਕੇ ਕਈ ਗੁਝੇ ਭਾਵ ਖੋਲ੍ਹੇ ਹਨ , ਉਦਾਹਰਨ ਵਜੋਂ--ਰਾਗਾਂ ਦੀ ਮਹੱਤਤਾ ,ਸਮਾਂ ਕਿਹੜਾ ਚੰਗਾ,ਦਰਿਆ ਤੇ ਤਾਂ ਬੇੜਾ ਹੁੰਦਾ ਹੈ ,ਮਲਾਹ ਪਾਰ ਲੰਘਾਂਦਾ ਹੈ । ਇਹ ਸੰਸਾਰ ਮਾਨੋ ਦਰਿਆ ਹੈ ,ਇਸ ਦਰਿਆ ਦਾ ਬੇੜਾ ਕੌਣ ਹੈ,ਲੰਘਾਵਣ ਵਾਲਾ ਕੌਣ ਹੈ ।ਮਨੁੱਖ ਖੁਦਾ ਨੂੰ ਮਿਲਦਾ ਕਿਵੇਂ ਹੈ ਤੇ ਵਿਛੜਦਾ ਕਿਵੇਂ । ਜਿਸ ਨੇ ਉਸ ਨੂੰ ਪਾ ਲਿਆ ,ਉਸ ਨੂੰ ਕਿਵੇਂ ਜਾਣੀਏ । ਇਤਨੇ ਸਵਾਲ ਪੁਛੇ ਹਨ । ਇਹਨਾਂ ਪ੍ਰਸ਼ਨਾਂ ਤੋਂ ਬਾਬੇ ਦੀ ਤੀਖਣ ਬੁਧੀ ਦਾ ਗਿਆਨ ਹੁੰਦਾ ਹੈ ।

ਸੰਸਾਰ ਦੇ ਭਲ਼ੇ ਲਈ ਗੁਰੂ ਸਾਹਿਬ ਹਰੇਕ ਪ੍ਰਸ਼ਨ ਦਾ ਉਤਰ ਦਿੰਦੇ ਹਨ । ਰਾਗ ਤਾਂ ਸਭ ਭਲੇ ਹਨ ਪਰ ਸਭ ਤੋਂ ਭਲਾ ਉਹ ਹੀ ਹੈ ਜਿਸ ਦੁਆਰਾ ਉਹ ਚਿਤ ਆਵੇ । ਸਭ ਰੁਤੀ ਔਰ ਸਭੇ ਮਾਹ ਉਸੇ ਨੂੰ ਭਲੇ ਹਨ ਕਿ ਜਿਨ੍ਹਾਂ ਨੂੰ ਪਰਮੇਸ਼ਵਰ ਚਿਤ ਆਂਵਦਾ ਹੈ । ਬਾਣੀ ਬੋਹਿਥੁ ਹੈ ,ਗੁਰੂ ਲੰਘਾਵਣਹਾਰ ਮਲਾਹ ਹੈ ।

ਮਰਦਾਨੇ ਦੀ ਰਬਾਬ ਦਾ ਕਮਾਲ ਹੈ ਕਿ ਉਹਨਾਂ ਨੇ ਇਸਲਾਮੀ ਦੇਸ਼ਾਂ ਵਿਚ ਰਬਾਬ ਨਾਲ ਕੀਰਤਨ ਕਰਕੇ ਸਭ ਨੂੰ ਹੈਰਾਨ ਕਰ ਦਿਤਾ ।ਭਾਈ ਗੁਰਦਾਸ ਜੀ ਨੇ 35 ਵੀਂ ਪੌੜੀ ਵਿਚ ਲਿਖਿਆ ਹੈ ਕਿ ------

ਸੁੰਨ ਮੁਨ ਨਗਰੀ ਭਈ ਦੇਖ ਪੀਰ ਹੋਆ ਹੈਰਾਨਾ ।
ਵੇਖੈ ਧਿਆਨ ਲਗਾਏ ਕਰਿ ਇਕ ਫਕੀਰੁ ਵਡਾ ਮਸਤਾਨਾ ।

ਇਹਨਾਂ ਮੁਲਕਾਂ ਵਿਚ 'ਪਾਤਾਲਾ ਪਾਤਾਲ ਲਖ ਆਗਾਸਾ ਆਗਾਸ ' ਦੇ ਕੀਰਤਨੀ ਸ਼ਬਦ ਗਾਏ । ਪੀਰ ਦੇ ਪੁੱਤਰ ਨੇ ਕਿਹਾ,"ਜਾਂ ਇਹ ਕਾਫਰ ਹੈ ਜਾਂ ਬਾਉਲਾ "। ਮਰਦਾਨੇ ਨੇ ਉਤਰ ਦਿਤਾ ," ਮੈਂ ਬਾਵਲਾ ਨਹੀਂ ਮੁਰਸ਼ਦ ਦੀ ਆਵਾਜ਼ ਸੁਣਾ ਰਿਹਾ ਹਾਂ "। ਜਦੋਂ ਉਹਨਾਂ ਕਿਹਾ ਆਪਣੇ ਮੁਰਸ਼ਦ ਨੂੰ ਬੁਲਾਓ । "ਪੀਰ ਉਹ ਕਿਸੇ ਦੇ ਸਦਿਆਂ ਨਹੀਂ ਆਓਂਦਾ ,ਬੇਪਰਵਾਹ ਹੈ । ਆਪ ਭਾਵੇਂ ਕਿਸੇ ਥਾਂ ਚਲਿਆ ਜਾਵੇ " ।

ਮਰਦਾਨਾ ਜੀ ਜਿਹੀ ਮਹਾਨ ਸ਼ਖਸ਼ੀਅਤ ਦਾ ਸ਼ਬਦ ਚਿਤ੍ਰ ਪੇਸ਼ ਕਰਨਾ ਭਾਵੇਂ ਬੇਹੱਦ ਮੁਸ਼ਕਲ ਹੈ ਤਾਂ ਵੀ ਭਾਈ ਕਾਨ੍ਹ ਸਿੰਘ ਜੀ ਨਾਭਾ ਨੇ ਰੂਪਕ ਰੂਪ ਕਬਿੱਤ ਵਿਚ ਉਨ੍ਹਾਂ ਬਾਰੇ ਕਦੇ ਕੁਝ ਇਸ ਤਰਾਂ ਲਿਖਿਆ ਸੀ --------

ਬਾਬਾ ! ਮੈਂ ਤਾਂ ਤਾਲੋਂ ਘੁਥਾ ਕਰਮ ਬੇਤਾਲੇ ਕਰਾਂ ,

ਸੁਰ ਨਹੀਂ ਮਿਲਦਾ ,ਮੈਂ ਹੋ ਗਿਆ ਬੜਾ ਲਚਾਰ ।
ਲੈ ਗਈ ਉੱਖੜ ਨ ਤਾਨ ਬੈਠਦੀ ਠਿਕਾਣੇ ,
ਤੀਬਰ ਸਰਗਮ ਸੁਧ ਕਮਲ ਨਹੀਂ ਵਿਚਾਰ ।
ਵਾਦੀ ਤੇ ਸੰਵਾਦੀ ਅਨੁਵਾਦੀ ਨਾ ਗਿਆਨ ਕੁਝ ,
ਟੁਟੇ ਫੁਟੇ ਸਾਜ਼ ਲੈ ਕੇ ਢੱਠਾ ਆਣ ਤੇਰੇ ਦਵਾਰ ।
ਮਿਹਰਾਂ ਦੇ ਸਾਈਂ ! ਮਰਦਾਨੇ ਨੂੰ ਇਸ਼ਾਰਾ ਕਰੀਂ ,

ਸੁਰ ਠੀਕ ਕਰੇ ਨਾਲੇ ਛੇੜੇ ਜ਼ਰਾ ਮੇਰੀ ਤਾਰ ।

ਗੁਰੂ ਨਾਨਕ ਸਾਹਿਬ ਜੀ ਨੇ ਸੁਲਤਾਨਪੁਰ ਲੋਧੀ ਤੋਂ ਚਲ ਕੇ ਚਾਰ ਸੰਸਾਰ ਫੇਰੀਆਂ (ਉਦਾਸੀਆਂ )ਕਰਨ ਤੋਂ ਪਹਿਲਾਂ ਭਾਈ ਲਾਲੋ ਤਰਖਾਣ (ਸਿੱਖ ) ਦੇ ਕੋਲ ਸੈਦਪੁਰ (ਐਮਨਾਬਾਦ ) ਪਹੁੰਚ ਕੇ ਰੋੜੀ ਸਾਹਿਬ ਦੇ ਸਥਾਨ ਉਤੇ ਬੜੀ ਭਾਰੀ ਤਪੱਸਿਆ ਕੀਤੀ ,ਜਿਸ ਬਾਰੇ ਭਾਈ ਗੁਰਦਾਸ ਜੀ ਨੇ ਇਸ ਤਰਾਂ ਲਿਖਿਆ ਹੈ ਕਿ --------

ਪਹਿਲਾ ਬਾਬੇ ਪਾਯਾ ਬਖਸੁ ਦਰਿ,
ਪਿਛੋ ਦੇ ਫਿਰਿ ਘਾਲਿ ਕਮਾਈ।
ਰੇਤੁ ਅਕੁ ਆਹਾਰੁ ਕਰਿ, ਰੋੜਾ ਕੀ ਗੁਰ ਕਰੀ ਵਿਛਾਈ।

ਰਾਏ ਬੁਲਾਰ ਉਸ ਸਮੇਂ ਬੜਾ ਬਿਰਧ ਹੋ ਚੁਕਾ ਸੀ ,ਇਸ ਲਈ ਭਾਈ ਮਰਦਾਨੇ ਹੱਥ ਉਸ ਦੀ ਪ੍ਰੀਤ-ਮਿਲਣੀ ਦਾ ਸੰਦੇਸ਼ ਪੁੱਜਣ ਉਤੇ ਗੁਰੂ ਨਾਨਕ ਖੁਦ ਸੈਦਪੁਰ ਤੋਂ ਤਲਵੰਡੀ ਪੁਜੇ ਤੇ ਭਾਈ ਮਰਦਾਨੇ ਸਮੇਤ ,ਰਾਏ ਜੀ ਦੇ ਨਾਲ ਹੀ ਮਾਤਾ-ਪਿਤਾ ਨੂੰ ਵੀ ਮਿਲ ਗਏ ।

ਗੁਰੂ ਨਾਨਕ ਸਾਹਿਬ ਨੇ ਪਹਿਲਾਂ ਰੋੜੀ ਸਾਹਿਬ ਸੈਦਪੁਰ ਤਪ-ਸਾਧਨਾ ਕਰ ਕੇ ਆਪਣੇ ਸਰੀਰ ਨੂੰ ਚੰਗੀ ਤਰਾਂ ਸਾਧਿਆ, ਨਾਲੇ ਇਕ ਵਾਰ ਤਲਵੰਡੀ ਵੀ ਹੋ ਆਏ ਤੇ ਫੇਰ ਇਕ ਚੰਗੇ ਯਾਤਰੀ ਵਾਂਗ ਲੰਮੇ ਸਫ਼ਰ ਤੇ ਨਿਕਲਣ ਲਈ ਕਮਰਾਂ ਕੱਸ ਲਈਆਂ ।

ਗੁਰੂ ਨਾਨਕ ਸਾਹਿਬ ਨੇ ਮਨੁੱਖ ਜਾਤੀ ਦਾ ਉਧਾਰ ਕਰਨ ਖਾਤਿਰ ਲੰਮੀਆਂ ਉਦਾਸੀਆਂ ਕੀਤੀਆਂ । ਇਹ ਉਦਾਸੀਆਂ ਪ੍ਰਚਾਰ ਫੇਰੀਆਂ ਹੀ ਸਨ ਅਤੇ ਇਤਿਹਾਸਕਾਰਾਂ ਨੇ ਇਹਨਾਂ ਪ੍ਰਚਾਰ ਫੇਰੀਆਂ ਨੂੰ ਉਦਾਸੀਆਂ ਲਿਖਿਆ ਹੈ ।

ਉਦਾਸੀ ਤੋਂ ਭਾਵ---ਉਦਾਸ ਬਿਰਤੀ ਜਾਂ ਵਿਰਕਤ ਬਿਰਤੀ ।

ਗੁਰੂ ਜੀ ਸੰਸਾਰਕ ਵਿਹਾਰ ਤੋਂ ਮੁਕਤ ਹੋ ਕੇ ਕੇਵਲ ਤੇ ਕੇਵਲ ਗੁਰੂ ਘਰ ਦਾ ਪ੍ਰਚਾਰ ਕਰ ਰਹੇ ਸਨ ਜਿਸ ਦਾ ਮੁਖ ਉਦੇਸ਼ ਲੋਕ-ਕਲਿਆਣ ਸੀ । ਭਾਈ ਗੁਰਦਾਸ ਜੀ ਨੇ ਆਪਣੀਆਂ ਵਾਰਾਂ ਵਿਚ ਦੱਸਿਆ ਹੈ ਕਿ ------

ਬਾਬੇ ਭੇਖ ਬਣਾਇਆ ਉਦਾਸੀ ਕੀ ਰੀਤਿ ਚਲਾਈ।
ਚੜ੍ਹਿਆ ਸੋਧਣਿ ਧਰਤਿ ਲੁਕਾਈ ॥੨੪॥

ਮਰਦਾਨੇ ਸਮੇਤ ਚਾਰ ਉਦਾਸੀਆਂ ਇਕ ਨਿਸਚਿਤ ਸੋਚ-ਵਿਚਾਰ ਦੇ ਅਧੀਨ ਵਿਉਂਤ ਕੀਤੀਆਂ ਗਈਆਂ ਸਨ ।ਭਾਈ ਮਰਦਾਨਾ ਸਤਿਗੁਰ ਦੇ ਰੰਗ ਵਿਚ ਪੂਰਨ ਪਦ ਨੂੰ ਪਹੁੰਚਾ । ਇਕ ਦਿਨ ਮਰਦਾਨੇ ਨੂੰ ਸਤਿਗੁਰਾਂ ਨੇ ਫਰਮਾਇਆ ਸੀ ਕਿ ਅਸੀਂ ਤੈਨੂੰ ਗੰਧਰਵ ਲੋਕ ਤੋਂ ਨਾਲ ਲਿਆਏ ਸੀ ਜਦੋਂ ਅਸੀਂ ਬੈਕੁੰਠ ਧਾਮ ਜਾਵਾਂਗੇ ਤਾਂ ਤੈਨੂੰ ਨਾਲ ਲੈ ਜਾਵਾਂਗੇ ।ਸਤਿਗੁਰੂ ਜੀ ਫਰਮਾਉਂਦੇ ਹਨ ਕਿ ਤੁਧ ਬ੍ਰਹਮ ਪਛਾਤਾ ਹੈ ਤਾਂ ਤੇ ਤੂੰ ਬ੍ਰਾਹਮਣ ਹੋਇਆ । ਮਰਦਾਨਾ ਸਤਿਗੁਰਾਂ ਦੇ ਚਰਣੀ ਲੱਗਾ ਰਿਹਾ ਤੇ ਜੀਵਨ ਮੁਕਤ ਤੇ ਪਾਰਗਰਾਮੀ ਹੋ ਗਿਆ । ਮਰਦਾਨਾ ਬਾਕੀ ਉਮਰ ਕਿਸੇ ਕੰਦਰਾ ਗੁਫਾ ਵਿਚ ਨਹੀਂ ਬੀਤੀ ਪਰ ਸਤਿਗੁਰੂ ਦੇ ਚਰਨਾਂ ਵਿਚ ਸਾਧ ਸੰਗਤ ਨੂੰ ਹਰੀ ਜੱਸ ਸੁਣਾਉਂਦਿਆਂ ਸਫ਼ਲ ਹੋਈ । ਆਪ ਤਰਿਆ ਤੇ ਹੋਰਨਾਂ ਨੂੰ ਬੇੜੇ ਚਾੜਦਾ ਮਰਦਾਨਾ 'ਸਫਲ ਸਿੱਖ' ਹੋਇਆ।

ਬਲਬੀਰ ਸਿੰਘ ਕੰਵਲ ਨੇ ਆਪਣੀ ਪੁਸਤਕ ਪੰਜਾਬ ਦੇ ਪ੍ਰਸਿੱਧ ਰਾਗੀ ਦੇ ਪੰਨਾ 74 ਤੇ ਦਰਜ ਕੀਤਾ ਹੈ ਕਿ ਭਾਈ ਮਰਦਾਨਾ 13 ਮੱਘਰ ਸੰਮਤ 1591 ਨੂੰ ਅਫਗਾਨਿਸਤਾਨ ਦੇ ਦਰਿਆ ਕੁਰਮ ਦੇ ਕੰਢੇ ਵੱਸਦੇ ਕੁਰਮ ਸ਼ਹਿਰ ਵਿਚ ਆਪ ਚਲਾਣਾ ਕਰ ਗਏ ਅਤੇ ਆਪਣੇ ਜੁਗਾਂ ਦੇ ਸਾਥੀ ਨੂੰ ਵਿਛੋੜਾ ਦੇ ਗਏ ।ਭਾਈ ਮਰਦਾਨੇ ਦੇ ਅੰਤਿਮ ਸਮੇਂ ਪਰ ਤ੍ਰੇ ਵਿਚਾਰਾਂ ਹਨ । 1581,1591 ਤੇ 1595 ਬਿਕ੍ਰਮੀ । ਆਪ ਦੇ ਚਲਾਣੇ ਬਾਬਤ ਕੁਰਮ ਵਿਚ ਹੋਣਾ ਅਤੇ ਅਗਨੀ ਦਾਹ ਨਾਲ ਸਸਕਾਰ ਕੀਤਾ ਜਾਣਾ ਵੀ ਲਿਖਿਆ ਹੈ ਪਰ ਕੁਰਮ ਵਿਚ ਟਿਕਾਣੇ ਦਾ ਪਤਾ ਅੱਜ ਤਕ ਨਹੀਂ ਲੱਭਾ । ਭਾਈ ਮਨੀ ਸਿੰਘ ਜੀ ਆਪ ਦਾ ਦਿਹਾਂਤ ਰਾਵੀ ਕੰਢੇ ਕਰਤਾਰਪੁਰ ਵਿਚ ਹੋਇਆ ਲਿਖਦੇ ਹਨ ।

ਭਾਈ ਮਰਦਾਨਾ ਗੁਰੂ ਬਾਬੇ ਦੇ ਸਾਥ ਵਿਚ ਬਹੁਤ ਹੀ ਉਚੇਰੀ ਅਵਸਥਾ ਨੂੰ ਪ੍ਰਾਪਤ ਹੋ ਗਿਆ ਸੀ ।ਇਕ ਦਿਨ ਸਹਿਵਨ ਹੀ ਗੁਰੂ ਬਾਬੇ ਨੇ ਮਰਦਾਨੇ ਦਾ ਅੰਤਿਮ ਸਮਾਂ ਨੇੜੇ ਜਾਣ ਕੇ ਮਰਦਾਨੇ ਨੂੰ ਪੁੱਛਿਆ ,'ਮਰਦਾਨਿਆ !ਜੇ ਤੂੰ ਚਾਹੇ ਤਾਂ ਤੇਰੀ ਦੇਹ ਨੂੰ ਬ੍ਰਾਹਮਣ ਵਾਂਗੂ ਦਰਿਆ ਵਿਚ ਸੁਟ ਦੇਈਏ । ਜੇ ਤੇਰੀ ਖਾਹਿਸ਼ ਹੋਵੇ ਤਾਂ ਖੱਤ੍ਰੀ ਵਾਂਗ ਸਾੜ ਦੇਈਏ । ਮਰਦਾਨਿਆ ਜੇ ਤੇਰੀ ਇੱਛਾ ਹੋਵੇ ਤਾਂ ਵੈਸ਼ ਵਾਂਗੂ ਹਵਾ ਵਿਚ ਸੁਟਵਾ ਦੇਈਏ, ਜੇ ਤੇਰਾ ਚਿਤ ਹੋਵੇ ਤਾਂ ਦਬਵਾ ਦੇਈਏ '। ਮਰਦਾਨਾ ਜੀ ਨੇ ਉਤਰ ਵਿਚ ਆਖਿਆ ,"ਵਾਹ, ਬਾਬਾ ਵਾਹ ! ਅਜੇ ਵੀ ਸਰੀਰ ਦੇ ਚੱਕਰਾਂ ਵਿਚ । ਤੁਹਾਡੇ ਉਪਦੇਸ਼ ਕਾਰਨ ਤਾਂ ਦੇਹੀ ਦਾ ਖਿਆਲ ਹੀ ਖ਼ਤਮ ਹੋ ਗਿਆ ਹੈ। ਮੈਂ ਤਾਂ ਆਪਣੀ ਆਤਮਾ ਨੂੰ ਹੀ ਕੇਵਲ ਆਪਣਾ ਸਾਥੀ ਸਮਝਦਾ ਹਾਂ" । ਬਾਬਾ ਨਾਨਕ ਅੱਜ ਦੇ ਮੇਹਰ ਦੇ ਘਰ ਆਏ ਹੋਏ ਸਨ ਫੇਰ ਬੋਲੇ,"ਮਰਦਾਨਿਆ ,ਮੇਰਾ ਚਿੱਤ ਕਰਦਾ ਹੈ ਕਿ ਤੇਰੀ ਸਮਾਧ ਬਣਾ ਕੇ ਤੈਨੂੰ ਜਗਤ ਵਿਚ ਪ੍ਰਸਿੱਧ ਕਰ ਦੇਈਏ " ।ਮਰਦਾਨਾ ਨੇ ਕੁਝ ਗੰਭੀਰ ਹੋ ਕੇ ਕਿਹਾ ,"ਬਾਬਾ ਬੜੀ ਮੁਸ਼ਕਲ ਨਾਲ ਤਾਂ ਸਰੀਰ ਰੂਪੀ ਸਮਾਧ ਵਿਚੋਂ ਨਿਕਲਣ ਲੱਗਾ ਹਾਂ ਇਸ ਨੂੰ ਫਿਰ ਪੱਥਰ ਵਿਚ ਕਿਉਂ ਪਾਂਵਦੇ ਹੋ ।" ਬਾਬੇ ਨੇ ਅਗੇ ਵੱਧ ਕੇ ਮਰਦਾਨੇ ਨੂੰ ਆਪਣੀ ਛਾਤੀ ਨਾਲ ਲਾ ਲਿਆ ਤੇ ਕਿਹਾ ਮਰਦਾਨਿਆ ,"ਤੂੰ ਬ੍ਰਹਮ ਨੂੰ ਪਛਾਣ ਲਿਆ ਹੈ ,ਤੂੰ ਬ੍ਰਹਮ ਗਿਆਨੀ ਹੋਇਆ ।ਅਸੀਂ ਤੈਨੂੰ ਅੱਗ ਦਾ ਦਾਗ ਦੇਵਾਂਗੇ ਅਤੇ ਰਾਵੀ ਵਿਚ ਤੈਨੂੰ ਪ੍ਰਵਾਹ ਕਰਾਂਗੇ ।" ਤੂੰ ਰਾਵੀ ਦੇ ਕੰਢੇ ਆਸਣ ਮਾਰ ਕੇ ਬੈਠ ,ਪ੍ਰਮੇਸ਼ਵਰ ਦਾ ਧਿਆਨ ਧਰ ਕੇ ਵਾਹਿਗੁਰੂ ਵਾਹਿਗੁਰੂ ਜਪ ।ਇਸ ਤਰਾਂ ਮਰਦਾਨੇ ਨੇ ਆਪਣਾ ਸਰੀਰ ਤਿਆਗਿਆ । ਭਾਈ ਮਨੀ ਸਿੰਘ ਜੀ ਨੇ ਗਿਆਨ ਰਤਨਾਵਲੀ ਦੀ ਪਉੜੀ ਨੰਬਰ 45 ਵਿਚ ਲਿਖਿਆ ਹੈ ,ਮਰਦਾਨੇ ਨੇ ਆਪਣੀ ਇੱਛਾ ਅਨੁਸਾਰ ਸਾਹਿਬਾਂ ਨੇ ਆਪਣੇ ਹਸਤ ਕਮਲਾਂ ਨਾਲ ਉਸ ਦਾ ਸੰਸਕਾਰ ਕੀਤਾ ।ਸੰਸਕਾਰ ਉਪਰੰਤ ਗੁਰਦੇਵ ਨੇ ਅੰਮ੍ਰਿਤ ਵੇਲੇ ਕੜਾਹ ਪ੍ਰਸ਼ਾਦਿ ਤਿਆਰ ਕਰ ਕੇ ਸੰਗਤਾਂ ਵਿਚ ਵਰਤਾਇਆ । ਇਸ ਮੌਕੇ ਤੇ ਮਰਦਾਨਾ ਜੀ ਦਾ ਪੁੱਤਰ ਸ਼ਹਿਜ਼ਾਦਾ ਹਾਜ਼ਰ ਸੀ ,ਉਸ ਨੂੰ ਬਾਬੇ ਕਿਹਾ ਜੋ ਆਪਣੇ ਘਰ ਜਾਂਦੇ ਹਨ ਉਨ੍ਹਾਂ ਦਾ ਸੋਗ ਨਹੀਂ ਕਰਨਾ ।

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL
ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੰਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.
Vehicle Registration (Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779
Other Services
* Live Scan / Fingerprints
* Covered California.
* Drug Testing * Alcohol Test
* Notary Services
* International Driver Lic.
Lic. 6000947
Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse,
DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
416 938 4598

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM MAGGAS MEDICAL INC.
(647) 954-9885
20 Maritime Ont Blvd Unit 15
Brampton, ON L6S 0C2

# ਲੇਖਾ-ਜੋਖਾ ਗੌਤਮ ਅਡਾਨੀ ਦੇ ਕੇਸ ਦਾ ਅਤੇ ਪੰਜਾਬ ਤੇ ਭਾਰਤ ਦੀਆਂ ਚੋਣਾਂ ਦਾ

ਜਤਿੰਦਰ ਪਨੂੰ ਦੀ ਕਲਮ ਤੋਂ



ਗੱਲ ਤਾਂ ਇੱਕੋ ਮਸਲੇ ਬਾਰੇ ਵੀ ਕੀਤੀ ਜਾ ਸਕਦੀ ਹੈ ਅਤੇ ਪੰਜਾਬ ਦੀਆਂ ਚਾਰ ਵਿਧਾਨ ਸਭਾ ਸੀਟਾਂ ਦੀਆਂ ਉੱਪ ਚੋਣਾਂਦੀ ਚਾਰ-ਪਾੜ ਦਾ ਕੰਮ ਕੋਈ ਛੋਟਾ ਨਹੀਂ ਅਤੇ ਗੌਤਮ ਅਡਾਨੀ ਦੇ ਅਮਰੀਕੀ ਅਦਾਲਤ ਵਾਲੇ ਕੇਸ ਵਿੱਚ ਫਸਣ ਵਾਲਾਕਿੱਸਾ ਫੋਲਣ ਦਾ ਕੰਮ ਵੀ ਪਿੱਛੇ ਨਹੀਂ ਪਾਇਆ ਜਾ ਸਕਦਾ। ਇਸ ਲਈ ਅਸੀਂ ਇਸ ਲਿਖਤ ਵਿੱਚ ਇੱਕੱਠੇਦੋਵਾਂ ਮੁੱਦਿਆਂ ਦੀ ਚਰਚਾ ਸਮੁੱਚੀ ਨਾ ਸਹੀ, ਕੁਝ ਨਾ ਕੁਝ ਬਹੁਤ ਜ਼ਰੂਰੀ ਨੁਕਤਿਆਂ ਦੀ ਜ਼ਰੂਰ ਕਰ ਲੈਣਾ ਚਾਹੁੰਦੇ ਹਾਂ।

ਫਿਰ ਵੀ ਇਨ੍ਹਾਂ ਦੋਵਾਂ ਮੁੱਦਿਆਂ ਨਾਲੋਂ ਪਹਿਲ ਅਸੀਂ ਅਪਰਾਧਾਂ ਬਾਰੇ ਸੰਸਾਰ ਅਦਾਲਤ ਦੇ ਉਸ ਫੈਸਲੇ ਲਈ ਦੇਣਾ ਚਾਹੁੰਦੇ ਹਾਂ, ਜਿੱਥੋਂ ਇਸਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਦਾ ਗ੍ਰਿਫਤਾਰੀ ਵਾਰੰਟ ਜਾਰੀ ਹੋਣ ਪਿੱਛੋਂ ਇੱਕ ਪਾਸੇ ਅਮਰੀਕਾ ਇਹ ਹੁਕਮ ਮੰਨਣ ਨੂੰ ਤਿਆਰ ਨਹੀਂਅਤੇ ਦੂਸਰੇ ਪਾਸੇ ਉਸ ਦੇ ਸਾਥੀ ਦੇਸ਼ ਮੰਨਣ ਦਾ ਐਲਾਨ ਕਰਦੇ ਪਏ ਹਨ। ਇਸ ਕੇਸ ਤੋਂ ਪਹਿਲਾਂ ਏਸੇ ਅਦਾਲਤ ਨੇ ਇਹ ਮੰਨ ਕੇ ਕਿ ਯੂਕਰੇਨ ਵਿੱਚ ਹਮਲਾਵਰੀ ਬਹੁਤ ਜ਼ਿਆਦਾ ਹੋਈ ਹੈ, ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਦੇ ਗ੍ਰਿਫਤਾਰੀ ਵਾਰੰਟ ਵੀ ਜਾਰੀ ਕਰ ਦਿੱਤੇ ਸਨ।ਪੂਤਿਨ ਨੇ ਓਦੋਂ ਵਾਰੰਟਾਂ ਦੀ ਪ੍ਰਵਾਹ ਨਹੀਂ ਸੀ ਕੀਤੀ ਅਤੇ ਉਸ ਨਾਲ ਨੇੜ ਵਾਲੇ ਦੇਸ਼ਾਂ ਨੇ ਜਦੋਂ ਆਖਿਆ ਕਿ ਉਹ ਕਿਸੇ ਵੀ ਹਾਲਤ ਵਿੱਚ ਰੂਸ ਦੇ ਰਾਸ਼ਟਰਪਤੀ ਨੂੰ ਗ੍ਰਿਫਤਾਰ ਨਹੀਂ ਕਰਨਗੇ ਤਾਂ ਅਮਰੀਕਾ ਨੇ ਏਥੋਂ ਤੱਕ ਕਹਿ ਦਿੱਤਾ ਸੀ ਕਿ ਜਿਹੜੇ ਦੇਸ਼ਾਂ ਨੇ ਪੂਤਿਨ ਦੀ ਗ੍ਰਿਫਤਾਰੀ ਦੇ ਵਾਰੰਟ ਉੱਤੇ ਅਮਲ ਕਰਨ ਤੋਂ ਇਨਕਾਰ ਕੀਤਾ, ਉਨ੍ਹਾਂ ਖਿਲਾਫ ਸੰਸਾਰ ਭਰ ਵਿਚ ਪਾਬੰਦੀਆਂ ਲਾਈਆਂਜਾਣਗੀਆਂ।ਜਿਹੜਾ ਅਮਰੀਕਾ ਪੂਤਿਨ ਦੇ ਵਾਰੰਟਾਂ ਉੱਤੇ ਅਮਲ ਲਈ ਏਨਾ ਕਾਹਲਾ ਸੀ, ਮਿੱਤਰ ਦੇਸ਼ ਇਸਰਾਈਲ ਦੇ ਪ੍ਰਧਾਨ ਮੰਤਰੀ ਨੇਤਾਨਯਾਹੂ ਦੇ ਖਿਲਾਫ ਵਾਰੰਟ ਜਾਰੀ ਹੁੰਦੇ ਸਾਰ ਉਹ ਵਾਰੰਟ ਜਾਰੀ ਕਰਨ ਵਾਲੀ ਅਦਾਲਤ ਨੂੰ ਵੀ ਅੱਖਾਂ ਵਿਖਾਉਣ ਤੇ ਇਹ ਕਹਿਣ ਲੱਗ ਪਿਆ ਹੈ ਕਿ ਅਸੀਂ ਉਸ ਅਦਾਲਤ ਦੇ ਮੈਂਬਰ ਹੀ ਨਹੀਂ, ਇਨ੍ਹਾਂ ਵਾਰੰਟਾਂ ਦਾ ਸਾਨੂੰ ਕੋਈ ਫਰਕ ਨਹੀਂ ਪੈਂਦਾ। ਇਹੋ ਜਿਹੇ ਮੌਕੇ ਉਸ ਦੇ ਪੱਕੇ ਸਾਥੀ ਦੇਸ਼ਾਂ ਵਿੱਚੋਂ ਕੁਝ ਨੇ ਉਸ ਨਾਲ ਖੜੋਣ ਦੀ ਥਾਂ ਇਹ ਪੈਂਤੜਾ ਲੈ ਲਿਆ ਕਿ ਉਹ ਅਪਰਾਧਾਂ ਬਾਰੇ ਸੰਸਾਰ ਅਦਾਲਤ ਦਾ ਹੁਕਮ ਮੰਨਣਗੇ ਅਤੇ ਜੇ ਨੇਤਾਨਯਾਹੂ ਕਦੀ ਓਧਰ ਆ ਗਿਆ ਤਾਂ ਨਿਯਮਾਂ ਮੁਤਾਬਕ ਉਸ ਨੂੰ ਗ੍ਰਿਫਤਾਰ ਵੀ ਕਰਨ ਤੋਂ ਝਿਜਕਣਗੇ ਨਹੀਂ। ਅਮਰੀਕਾ ਲਈ ਬਹੁਤ ਲੰਮੇ ਸਮੇਂ ਤੋਂ ਕਦੀ ਏਦਾਂ ਦੀ ਸਥਿਤੀ ਬਣਦੀ ਨਹੀਂ ਦਿੱਸੀ ਕਿ ਉਸ ਦੇ ਸਾਥੀ ਦੇਸ਼ ਵੀ ਕਿਸੇ ਸੰਸਾਰ ਮੁੱਦੇ ਉੱਤੇ ਉਸ ਨਾਲ ਖੜੇ ਹੋਣ ਤੋਂ ਇਨਕਾਰ ਕਰਨ ਲੱਗ ਜਾਣ, ਪਰ ਇਸ ਸਮੇਂ ਇਹ ਵੀ ਹੁੰਦਾ ਪਿਆ ਹੈ। ਅਗਲੇ ਦਿਨ ਪਤਾ ਨਹੀਂ ਕਿੱਦਾਂ ਦੇ ਹੋਣਗੇ।

ਦੂਸਰਾ ਮੁੱਦਾ ਅਮਰੀਕਾ ਦੀ ਅਦਾਲਤ ਤੋਂ ਗੌਤਮ ਅਡਾਨੀ ਦੇ ਵਾਰੰਟ ਜਾਰੀ ਹੋਣ ਦਾ ਹੈ। ਸਭ ਨੂੰ ਇਸ ਗੱਲ ਬਾਰੇ ਪਤਾ ਹੈ ਕਿ ਗੌਤਮ ਅਡਾਨੀ ਇਸ ਵਕਤ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰੀ ਦੇਸ਼ ਦੀ ਕਮਾਨ ਸੰਭਾਲਣ ਵਾਲੇ ਨਰਿੰਦਰ ਮੋਦੀ ਦਾ ਖਾਸ ਮਿੱਤਰ ਹੈ ਅਤੇ ਜਿਸ ਕੇਸ ਵਿੱਚ ਇਹ ਵਾਰੰਟ ਜਾਰੀ ਹੋਇਆ ਹੈ, ਉਸ ਦਾ ਸਾਰਾ ਅਪਰਾਧ ਵੀ ਭਾਰਤ ਦੇ ਅੰਦਰ ਹੋਇਆ ਹੈ, ਪਰ ਵਾਰੰਟ ਅਮਰੀਕਾ ਵਿੱਚ ਜਾਰੀ ਕੀਤਾ ਗਿਆ ਹੈ। ਕੁਝ ਲੋਕ ਕਹਿੰਦੇ ਹਨ ਕਿ ਅਪਰਾਧ ਜਦੋਂ ਉਸ ਦੇਸ਼ ਵਿੱਚ ਨਹੀਂ, ਭਾਰਤ ਵਿੱਚ ਹੋਇਆ ਹੈ ਤਾਂ ਅਮਰੀਕੀ ਅਦਾਲਤ ਵਾਰੰਟ ਕਿਵੇਂ ਕੱਢ ਸਕਦੀ ਹੈ, ਪਰ ਉਹ ਇਹ ਨਹੀਂ ਜਾਣਦੇ ਕਿ ਅਮਰੀਕੀ ਕਾਨੂੰਨ ਹੈ ਕਿ ਜਿਸ ਕੰਪਨੀ ਵਿੱਚ ਅਮਰੀਕੀ ਲੋਕਾਂ ਨੇ ਪੈਸਾ ਲਾਇਆ ਹੋਵੇ, ਜੇ ਉਹ ਕੰਪਨੀ ਕੋਈ ਅਪਰਾਧ ਸੰਸਾਰ ਵਿੱਚ ਕਿਤੇ ਵੀ ਕਰਦੀ ਹੈ ਤਾਂ ਅਮਰੀਕਾ ਵਿੱਚ ਉਸ ਵਿਰੁੱਧ ਕਾਨੂੰਨੀ ਕਾਰਵਾਈ ਹੋ ਸਕਦੀ ਹੈ। ਗੌਤਮ ਅਡਾਨੀ ਦੀ ਕੰਪਨੀ ਨੇ ਅਮਰੀਕੀ ਐਕਸਚੇਂਜ ਵਿੱਚ ਪ੍ਰਚਾਰ ਕਰ ਕੇ ਕਿ ਭਾਰਤ ਵਿੱਚ ਸੋਲਰ ਪ੍ਰਾਜੈਕਟ ਲਾਉਣਾ ਹੈ, ਜਿਸ ਤੋਂ ਮੋਟਾ ਲਾਭ ਹੋਵੇਗਾ, ਉਨ੍ਹਾਂ ਲੋਕਾਂ ਨੂੰ ਸ਼ੇਅਰ ਖਰੀਦਣ ਵਾਸਤੇ ਬੇਵਕੂਫ ਬਣਾਇਆ ਸੀ। ਬਾਅਦ ਵਿੱਚ ਖਬਰ ਨਿਕਲੀ ਕਿ ਇਸ ਕੰਪਨੀ ਨੇ ਭਾਰਤੀ ਅਧਿਕਾਰੀਆਂ ਨੂੰ ਸਾਢੇ ਛੱਬੀ ਕਰੋੜ ਡਾਲਰ ਜਾਂ ਬਾਈ ਸੌ ਕਰੋੜ ਰੁਪਏ ਨਾਲੋਂ ਵੱਧ ਰਕਮ ਰਿਸ਼ਵਤ ਵਜੋਂ ਦਿੱਤੀ ਹੈ ਤੇ ਆਪਣੇ ਪ੍ਰਾਜੈਕਟ ਦਾ ਰਾਹ ਕੱਢਣ ਲਈ ਗਲਤ ਢੰਗ ਵਰਤੇ ਹਨ। ਕੇਸ ਅਮਰੀਕਨ ਅਦਾਲਤ ਵਿੱਚ ਗਿਆ ਤਾਂ ਇਸ ਦੀ ਮੁੱਢਲੀ ਕਾਰਵਾਈ ਵਿੱਚ ਹੀ ਸਾਰਾ ਕੁਝ ਸਪੱਸ਼ਟ ਹੋਣ ਪਿੱਛੋਂ ਗੌਤਮ ਅਡਾਨੀ ਦਾ ਵਾਰੰਟ ਜਾਰੀ ਕਰ ਦਿੱਤਾ ਗਿਆ ਹੈ। ਭਾਰਤ ਦੀ ਮੌਜੂਦਾ ਸਰਕਾਰ ਦੁਨੀਆ ਭਰ ਵਿੱਚ ਪ੍ਰਸਿੱਧ ਇਸ ਚਾਲਬਾਜ਼ ਪੂੰਜੀਪਤੀ ਦੇ ਪਿੱਛੇ ਸਦਾ ਖੜੀ ਹੁੰਦੀ ਰਹੀ ਹੈ, ਇਸ ਵਾਰ ਵੀ ਆ ਖੜੋਤੀ ਹੈ, ਇਸ ਲਈ ਅਡਾਨੀ ਨੂੰ ਬਚਾ ਲੈਣ ਦਾ ਪ੍ਰਭਾਵ ਬਣਨਾ ਸ਼ੁਰੂ ਹੋ ਗਿਆ ਹੈ। ਨਰਿੰਦਰ ਮੋਦੀ ਸਰਕਾਰ ਨੇ ਏਦਾਂ ਦੇ ਬਹੁਤ ਸਾਰੇ ਲੋਕਾਂ ਦੀ ਢਾਲ ਬਣ ਕੇ ਉਨ੍ਹਾਂ ਨੂੰ ਬਚਾਇਆ ਤੇ ਫਿਰ ਵੀ ਆਪਣੀ ਈਮਾਨਦਾਰੀ ਦਾ ਢੰਡੋਰਾ ਪਿੱਟਦੀ ਰਹੀ ਹੈ, ਭਵਿੱਖ ਵਿੱਚ ਵੀ ਇਹੀ ਖੇਡ ਖੇਡੀ ਜਾਂਦੀ ਰਹੇਗੀ। ਅਸੀਂ ਆ ਜਾਈਏ ਤੀਸਰੇ ਉਸ ਮੁੱਦੇ ਦੀ ਚਰਚਾ ਵੱਲ, ਜਿਸ ਦਾ ਸੰਬੰਧ ਸਾਡੇ ਪੰਜਾਬਦੇ ਆਮ ਲੋਕਾਂ ਦੇਮੌਜੂਦਾ ਸਮੇਂ ਤੋਂ ਵੱਧ ਭਵਿੱਖ ਦੀਆਂ ਪੀੜ੍ਹੀਆਂ ਨਾਲ ਹੈ ਅਤੇ ਦੂਰਗਾਮੀ ਅਸਰ ਪਾ ਸਕਦਾ ਹੈ।

ਏਸੇ ਸਾਲ ਹੋਈਆਂ ਲੋਕ ਸਭਾ ਚੋਣਾਂ ਵਿੱਚ ਪੰਜਾਬ ਦੇ ਚਾਰ ਵਿਧਾਇਕ ਜਿੱਤ ਗਏ ਤਾਂ ਉਨ੍ਹਾਂ ਚਹੁੰਆਂ ਦੇ ਵਿਧਾਨ ਸਭਾ ਹਲਕਿਆਂ ਦੀ ਉੱਪ ਚੋਣ ਕਰਾਉਣੀ ਪੈਣੀ ਸੀ। ਉਹ ਚੋਣ ਹੋ ਗਈ ਅਤੇ ਨਤੀਜੇ ਆਉਣ ਨਾਲ ਬਹੁਤ ਕੁਝ ਬਦਲ ਗਿਆ ਹੈ। ਪਹਿਲਾਂ ਇਨ੍ਹਾਂ ਚਾਰ ਸੀਟਾਂ ਵਿੱਚੋਂ ਤਿੰਨ ਕਾਂਗਰਸ ਦੀਆਂ ਸਨ, ਪਰ ਲੋਕ ਸਭਾ ਹੋਣ ਚੋਣਾਂ ਤੋਂ ਪਹਿਲਾਂ ਚੱਬੇਵਾਲ ਦਾ ਕਾਂਗਰਸੀ ਵਿਧਾਇਕ ਰਾਜ ਕੁਮਾਰ ਆਮ ਆਦਮੀ ਵਿੱਚ ਸ਼ਾਮਲ ਹੋ ਗਿਆ ਅਤੇ ਉਹ ਚੋਣ ਉਸ ਪਾਰਟੀ ਦੀ ਟਿਕਟ ਉੱਤੇ ਲੜੀ ਅਤੇ ਜਿੱਤੀ ਸੀ। ਇਸ ਤਰ੍ਹਾਂ ਵੇਖਿਆ ਜਾਵੇ ਤਾਂ ਕਾਂਗਰਸ ਵਾਲੇ ਇਹ ਗੱਲ ਕਹਿ ਸਕਦੇ ਹਨ ਕਿ ਵਿਧਾਨ ਸਭਾ ਵਿੱਚ ਇੱਕ ਸੀਟ ਉਨ੍ਹਾਂ ਦੀ ਲੋਕ ਸਭਾ ਚੋਣਾਂ ਹੋਣ ਤੋਂ ਪਹਿਲਾਂ ਹੀ ਘਟ ਗਈ ਸੀ, ਉਨ੍ਹਾਂ ਦੀਆਂ ਦੋ ਗਿੱਦੜਬਾਹਾ ਤੇ ਡੇਰਾ ਬਾਬਾ ਨਾਨਕ ਵਾਲੀਆਂ ਸੀਟਾਂ ਦਾਅ ਉੱਤੇ ਲੱਗੀਆਂ ਸਨ, ਪਰ ਉੱਪ ਚੋਣਾਂ ਵਿੱਚ ਉਹ ਪਾਰਟੀ ਦੋ ਜਿੱਤ ਸਕਣ ਜੋਗੀਵੀ ਨਹੀਂ ਹੋ ਸਕੀ, ਚਾਰ ਵਿੱਚੋਂ ਮਸਾਂ ਇੱਕ ਸੀਟ ਜਿੱਤੀ, ਉਹ ਵੀ ਆਪਣੀ ਨਹੀਂ, ਆਮ ਆਦਮੀ ਪਾਰਟੀ ਤੋਂ ਖੋਹੀ ਹੈ। ਦੂਸਰੇ ਪਾਸੇ ਆਮ ਆਦਮੀ ਪਾਰਟੀ ਕਹਿ ਸਕਦੀ ਹੈ ਕਿ ਉਸ ਦੀ ਉਨ੍ਹਾਂ ਚੋਣਾਂ ਦੌਰਾਨ ਇੱਕੋ ਸੀਟ ਬਰਨਾਲਾ ਖਾਲੀ ਹੋਈ ਤੇ ਉੱਪ ਚੋਣਾਂ ਵਿੱਚ ਉਸ ਨੇ ਤਿੰਨ ਸੀਟਾਂ ਹੋਰ ਜਿੱਤੀਆਂ ਜਾਂ ਕਾਂਗਰਸ ਦੀਆਂ ਤਿੰਨ ਸੀਟਾਂ ਖੋਹ ਲਈਆਂ ਹਨ। ਕਹਿਣ ਲਈ ਦਲੀਲਾਂ ਹਰ ਕਿਸੇ ਕੋਲ ਲੋੜ ਜੋਗੀਆਂ ਹੁੰਦੀਆਂ ਹਨ, ਪਰ ਹਕੀਕਤਾਂ ਕਿਸੇ ਦਾ ਵੀ ਭੇਦ ਲੁਕਿਆ ਨਹੀਂ ਰਹਿਣ ਦੇਂਦੀਆਂ।

ਅਕਾਲੀ ਦਲ ਬਾਦਲ ਨੇ ਇਹ ਚੋਣਾਂ ਲੜੀਆਂ ਨਹੀਂ ਸਨ, ਕਿਉਂਕਿ ਉਨ੍ਹਾਂ ਦਾ ਪ੍ਰਧਾਨ ਸੁਖਬੀਰ ਸਿੰਘ ਬਾਦਲ ਉਸ ਵਕਤ ਅਕਾਲ ਤਖਤ ਸਾਹਿਬ ਤੋਂ ਤਨਖਾਹੀਆ ਕਰਾਰ ਦਿੱਤੇ ਜਾਣ ਕਾਰਨ ਚੋਣ ਨਹੀਂ ਸੀ ਲੜ ਸਕਦਾ ਅਤੇ ਬਾਕੀ ਸਾਰੇ ਆਗੂ ਬਹਾਨਾ ਬਣਾ ਕੇ ਇਨ੍ਹਾਂ ਚੋਣਾਂ ਦੇ ਨਤੀਜੇ ਦੀ ਨਮੋਸ਼ੀ ਝੱਲਣ ਤੋਂ ਕੰਨੀ ਖਿਸਕਾ ਗਏ। ਉਨ੍ਹਾਂ ਨੂੰ ਪਤਾ ਸੀ ਕਿ ਪੰਜਾਬ ਦੇ ਲੋਕ ਉਨ੍ਹਾਂ ਨਾਲ ਚੋਖੇ ਨਾਰਾਜ਼ ਹਨ ਅਤੇ ਇੱਕ ਵਾਰ ਹੋਰ ਜ਼ਮਾਨਤਾਂ ਜ਼ਬਤ ਕਰਾਉਣ ਵਿੱਚ ਕੋਈ ਲਾਭ ਨਹੀਂ। ਨਤੀਜੇ ਮਗਰੋਂ ਉਹ ਇਹ ਕਹਿਣ ਦਾ ਹੱਕ ਵਰਤਣਗੇ ਕਿ ਜੇ ਉਹ ਚੋਣ ਲੜਦੇ ਤਾਂ ਨਤੀਜੇ ਹੋਰ ਹੋ ਸਕਦੇ ਸਨ। ਭਾਜਪਾ ਦੀ ਧਿਰ ਨੇ ਇਨ੍ਹਾਂ ਉੱਪ ਚੋਣਾਂ ਵਿੱਚ ਅਕਾਲੀਆਂ ਦੀ ਗੈਰ-ਹਾਜ਼ਰੀ ਦਾ ਲਾਹਾ ਖੱਟਣ ਦਾ ਯਤਨ ਕੀਤਾ, ਪਰ ਨਤੀਜਿਆਂ ਨਾਲ ਸਾਬਤ ਹੋ ਗਿਆ ਕਿ ਪੰਜਾਬ ਦੇ ਲੋਕ ਅਜੇ ਵੀ ਉਨ੍ਹਾਂ ਨੂੰ ਮੂੰਹ ਨਹੀਂ ਲਾਉਂਦੇ। ਚਾਰ ਸੀਟਾਂ ਦੀਆਂ ਉੱਪ ਚੋਣਾਂ ਹੋਈਆਂ ਅਤੇ ਚਾਰੇ ਸੀਟਾਂ ਉੱਤੇ ਉਸ ਦੇ ਉਮੀਦਵਾਰ ਤੀਸਰੀ ਥਾਂ ਰਹੇ। ਅਕਾਲੀਆਂ ਵਿੱਚੋਂ ਆਏ ਰਵੀਕਿਰਨ ਸਿੰਘ ਕਾਹਲੋਂ ਨੂੰ ਡੇਰਾ ਬਾਬਾ ਨਾਨਕ ਹਲਕੇ ਵਿੱਚ ਸਾਢੇ ਛੇ ਹਜ਼ਾਰ ਵੋਟਾਂ ਮਸਾਂ ਪਈਆਂ ਅਤੇ ਦੂਸਰੇ ਸੋਹਣ ਸਿੰਘ ਠੰਡਲ ਨੂੰ ਪੌਣੇ ਨੌਂ ਹਜ਼ਾਰ ਵੋਟਾਂ ਵੀ ਨਹੀਂ ਮਿਲ ਸਕੀਆਂ। ਕਾਂਗਰਸ ਵਿੱਚੋਂ ਆਇਆਂ ਵਿੱਚੋਂ ਕੇਵਲ ਸਿੰਘ ਢਿੱਲੋਂ ਅਠਾਰਾਂ ਹਜ਼ਾਰ ਲਾਗੇ ਪੁੱਜਣ ਵਿੱਚ ਕਾਮਯਾਬ ਹੋ ਗਿਆ, ਇੱਕ ਵਾਰ ਜਿੱਤ ਜਾਣ ਦੀ ਆਸ ਵੀ ਨਜ਼ਰ ਆਉਣ ਲੱਗ ਪਈ ਸੀ, ਪਰ ਦਲ-ਬਦਲੀਆਂ ਦੀ ਕਮਾਲ ਕਰਨ ਵਾਲਾ ਪੰਜਾਬ ਦਾ ਖਜ਼ਾਨਾ ਮੰਤਰੀ ਰਹਿ ਚੁੱਕਾ ਮਨਪ੍ਰੀਤ ਸਿੰਘ ਬਾਦਲ ਸਵਾ ਬਾਰਾਂ ਹਜ਼ਾਰ ਤੱਕ ਵੀ ਨਾਜਾਸਕਿਆ। ਉਸ ਬਾਰੇ ਇਹ ਕਿਹਾ ਜਾਂਦਾ ਸੀ ਕਿ ਤਾਏ ਦੇ ਪੁੱਤਰ ਸੁਖਬੀਰ ਸਿੰਘ ਬਾਦਲ ਨਾਲ ਅੰਦਰ-ਖਾਤੇ ਗੱਲ ਮੁਕਾਈ ਪਈ ਹੈ ਅਤੇ ਅਕਾਲੀ ਦਲ ਭਾਵੇਂ ਚੋਣ ਨਹੀਂ ਲੜ ਰਿਹਾ, ਬਾਦਲ ਪਰਵਾਰ ਦੇ ਏਕੇ ਦੇ ਹੁਲਾਰੇ ਨਾਲ ਉਸ ਪਰਵਾਰ ਦੇ ਪੱਕੇ ਸਮੱਰਥਕ ਇਸ ਵਾਰੀ ਮਨਪ੍ਰੀਤ ਸਿੰਘ ਬਾਦਲ ਨੂੰ ਜਿਤਾਉਣ ਲਈ ਵਾਹ ਲਾ ਦੇਣਗੇ। ਏਦਾਂ ਦਾ ਕੁਝ ਵੀ ਨਹੀਂ ਵਾਪਰ ਸਕਿਆ ਅਤੇ ਮਨਪ੍ਰੀਤ ਸਿੰਘ ਥਾਂ-ਥਾਂ ਆਪਣੇ ਤਾਏ ਦੇ ਆਸ਼ੀਰਵਾਦ ਦੀਆਂ ਕਹਾਣੀਆਂ ਪਾਉਣ ਦੇ ਬਾਵਜੂਦ ਇਸ ਹਲਕੇ ਦੇ ਲੋਕਾਂ ਦਾ ਭਰੋਸਾ ਨਹੀਂ ਜਿੱਤ ਸਕਿਆ। ਇੱਕ ਤਰ੍ਹਾਂ ਭਾਜਪਾ ਅਤੇ ਅਕਾਲੀਆਂ ਹੀ ਨਹੀਂ, ਕਾਂਗਰਸੀਆਂ ਵਾਸਤੇ ਵੀ ਇਹ ਉੱਪ ਚੋਣਾਂ ਇੱਕ ਹੋਰ ਸੱਟ ਸਾਬਤ ਹੋਈਆਂ ਹਨ ਅਤੇ ਭਵਿੱਖ ਦੀ ਆਸ ਬੰਨ੍ਹਾਉਣ ਵਾਲੀ ਗੱਲ ਕੋਈ ਨਹੀਂ ਬਣ ਸਕੀ।

ਜਿੱਥੋਂ ਤੱਕ ਇਨ੍ਹਾਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਕਾਰਕਰਦਗੀ ਦਾ ਸਵਾਲ ਹੈ, ਉਹ ਖੁਸ਼ ਹੋਣ ਲਈ ਇਹ ਕਹਿ ਸਕਦੇ ਹਨ ਕਿ ਉਨ੍ਹਾਂ ਨੇ ਇੱਕ ਸੀਟ ਗਵਾਈ ਅਤੇ ਤਿੰਨ ਕਾਂਗਰਸ ਦੀਆਂ ਖੋਹ ਕੇ ਵਿਧਾਨ ਸਭਾ ਵਿੱਚ ਦੋ ਹੋਰ ਸੀਟਾਂ ਆਪਣੇ ਖਾਤੇ ਵਿੱਚ ਵਧਾਈਆਂ ਹਨ, ਪਰ ਬਰਨਾਲਾ ਸੀਟ ਆਪਣੇ ਹੱਥੋਂ ਗੁਆਉਣ ਦੀ ਚਰਚਾ ਵੱਧ ਹੋਵੇਗੀ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਉਹ ਆਪਣਾ ਇਲਾਕਾ ਹੈ, ਇਸ ਦੇ ਇਰਦ-ਗਿਰਦ ਲਗਭਗ ਹਰ ਥਾਂ ਇਹ ਪਾਰਟੀ ਹਰ ਪੱਖੋਂ ਮਜ਼ਬੂਤ ਸਮਝੀ ਜਾਂਦੀ ਹੈ, ਫਿਰ ਵੀ ਬਰਨਾਲਾ ਹਲਕਾ ਗੁਆ ਲੈਣ ਨੇ ਕਾਂਗਰਸ ਵਾਲੀਆਂ ਤਿੰਨ ਸੀਟਾਂ ਖੋਹ ਲੈਣ ਦੀ ਖੁਸ਼ੀ ਵਾਲੀ ਖੀਰ ਵਿੱਚ ਕੋਕੜੂ ਲਿਆ ਸੁੱਟਿਆ ਹੈ। ਇਸ ਤੋਂ ਪਹਿਲਾਂ ਏਦਾਂ ਦੀ ਸੱਟ ਇਸ ਪਾਰਟੀ ਨੂੰ ਭਗਵੰਤ ਮਾਨ ਦੀ ਅਗਵਾਈ ਵਿੱਚ ਸਰਕਾਰ ਬਣਦੇ ਸਾਰ ਉਸ ਵੱਲੋਂ ਛੱਡੀ ਹੋਈ ਸੰਗਰੂਰ ਲੋਕ ਸਭਾ ਸੀਟ ਖੁੱਸ ਜਾਣ ਨਾਲ ਪਈ ਸੀ। ਉਹ ਸੀਟ ਸਿਮਰਨਜੀਤ ਸਿੰਘ ਮਾਨ ਨੇ ਜਿੱਤ ਲਈ ਤਾਂ ਦਿਲ ਨੂੰ ਤਸੱਲੀ ਦੇਣ ਲਈ ਇਹ ਕਿਹਾ ਜਾਣ ਲੱਗ ਪਿਆ ਸੀ ਕਿ ਇਸ ਨਾਲ ਬਹੁਤਾ ਫਰਕ ਨਹੀਂ ਪੈਂਦਾ, ਨਵੀਂ ਉੱਠਦੀ ਆਮ ਆਦਮੀ ਪਾਰਟੀ ਦੇ ਰਿਵਾਇਤੀ ਵਿਰੋਧੀ ਅਕਾਲੀ ਦਲ ਤੇ ਭਾਜਪਾ ਵਾਲੇ ਬੁਰੀ ਤਰ੍ਹਾਂ ਹਾਰਨ ਨਾਲ ਓਦੋਂ ਵੱਡੀ ਸੱਟ ਖਾ ਗਏ ਹਨ। ਇਸ ਵਾਰ ਵੀ ਦਲੀਲਾਂ ਬਹੁਤ ਹੋਣਗੀਆਂ ਤੇ ਇਹ ਦਲੀਲ ਵੀ ਛੋਟੀ ਨਹੀਂ ਕਿ ਬਰਨਾਲੇ ਦੀ ਇੱਕ ਸੀਟ ਜੇ ਕਾਂਗਰਸ ਨੇ ਖੋਹ ਲਈ ਤਾਂ ਕਾਂਗਰਸ ਤੋਂ ਆਮ ਆਦਮੀ ਪਾਰਟੀ ਨੇ ਤਿੰਨ ਖੋਹ ਲਈਆਂ ਹਨ, ਪਰ ਬਾਹਰ ਜੋ ਮਰਜ਼ੀ ਕਹਿਣ, ਆਪਣੇ ਅੰਦਰ ਝਾਤੀ ਮਾਰਨ ਦੀ ਉਨ੍ਹਾਂ ਨੂੰ ਲੋੜ ਹੈ। ਉਨ੍ਹਾਂ ਲਈ ਇਹ ਗੱਲ ਸੋਚਣ ਦਾ ਸਹੀ ਮੌਕਾ ਹੈ ਕਿ ਏਦਾਂ ਦੀ ਸੱਟ ਲੋਕਾਂ ਨੇ ਮਾਰੀ ਕਿਉਂ ਅਤੇ ਉਹ ਕਿਹੜੀਆਂ ਕਮੀਆਂ ਸਨ, ਜਿਹੜੀਆਂ ਮੁੱਖ ਮੰਤਰੀ ਦੀ ਆਪਣੀ ਜੂਹ ਵਿੱਚ ਵੀ ਇਸ ਪਾਰਟੀ ਅੱਗੇ ਅੜਿੱਕੇ ਡਾਹੁਣ ਦਾ ਕੰਮ ਕਰਦੀਆਂ ਰਹੀਆਂ ਹਨ।

ਮਹਾਰਾਸ਼ਟਰ ਵਿੱਚ ਭਾਜਪਾ ਗੱਠਜੋੜ ਨੇ ਫਿਰ ਵਿਧਾਨ ਸਭਾ ਚੋਣ ਜਿੱਤ ਲਈ ਅਤੇ ਖੁਦ ਭਾਜਪਾ ਏਨੀ ਤਕੜੀ ਹੋ ਗਈ ਹੈ ਕਿ ਏਕਨਾਥ ਸ਼ਿੰਦੇ ਵਰਗੇ ਉਸ ਦੇ ਪਿਛਲੱਗ ਬਣੇ ਰਹਿਣਗੇ, ਪਰ ਝਾਰਖੰਡ ਵਿੱਚ ਜਿਹੜੀ ਸੱਟ ਲੋਕਾਂ ਨੇ ਇਸ ਪਾਰਟੀ ਨੂੰ ਮਾਰੀ ਹੈ, ਉਹ ਇਸ ਦੀ ਲੀਡਰਸ਼ਿਪ ਨੂੰ ਵੀ ਸੋਚਣ ਲਈ ਮਜਬੂਰ ਕਰੇਗੀ। ਉਨ੍ਹਾਂ ਦੇ ਨਾਲ ਕਾਂਗਰਸ ਵਾਲਿਆਂ ਲਈ ਵੀ ਇਹ ਸੋਚਣ ਦੀ ਘੜੀ ਹੈ ਕਿ ਉਹ ਪ੍ਰਿਅੰਕਾ ਗਾਂਧੀ ਦੀ ਵੱਡੀ ਜਿੱਤ ਦੀ ਖੁਸ਼ੀ ਵਿੱਚ ਨਾ ਨੱਚੀ ਜਾਣ, ਬਾਕੀ ਥਾਂਈ ਜਿਹੜੀ ਮਾਰ ਹਰ ਪਾਸੇ ਪੈਂਦੀ ਪਈ ਹੈ, ਉਸ ਦੇ ਕਾਰਨ ਲੱਭਣ ਦੀ ਲੋੜ ਹੈ। ਰਾਹੁਲ ਗਾਂਧੀ ਜਿੰਨਾ ਚਾਹੇ ਉਹ ਵੱਡਾ ਆਗੂ ਬਣਾਈ ਫਿਰ, ਉਹ ਨਰਿੰਦਰ ਮੋਦੀ ਵਰਗੀ ਮਜ਼ਬੂਤ ਲੀਡਰਸ਼ਿਪ ਨਾਲ ਭੇੜ ਵਿੱਚ ਉਸ ਨੂੰ ਹਰਾਉਣ ਜੋਗਾ ਸਾਬਤ ਨਹੀਂ ਹੋ ਰਿਹਾ ਤੇ ਮਲਿਕਾਜੁਨ ਖੜਗੇ ਵਰਗੇ ਆਗੂ ਨੂੰ ਪਾਰਟੀ ਠੀਕ ਤਰ੍ਹਾਂ ਚੱਲਣ ਨਹੀਂ ਦੇ ਰਹੀ। ਇਸ ਪਾਰਟੀ ਦੀ ਅਗਵਾਈ ਕਰਦੇ ਪਰਵਾਰ ਦੀ ਸੂਈ ਜਦੋਂ ਤੱਕ ਇਸ ਗੱਲ ਉੱਤੇ ਅੜੀ ਰਹੇਗੀ ਕਿ ਰਾਹੁਲ ਗਾਂਧੀ ਵੱਡਾ ਨੇਤਾ ਤਦੇ ਰਹੇਗਾ, ਜੇ ਬਾਕੀ ਸਾਰੇ ਆਗੂ ਬੌਣੇ ਹੋਣਗੇ ਜਾਂ ਬੌਣੇ ਬਣਾ ਕੇ ਰੱਖੇ ਜਾਣਗੇ, ਓਦੋਂ ਤੱਕ ਪਾਰਟੀ ਕਿਸੇ ਤਣ-ਪੱਤਣ ਲੱਗ ਸਕਣ ਦਾ ਸੁਫਨਾ ਨਹੀਂ ਵੇਖ ਸਕਦੀ। ਉਨ੍ਹਾਂ ਨੇ ਇਸ ਧਾਰਨਾ ਤੋਂ ਖਹਿੜਾ ਛੁਡਾਉਣਾ ਹੈ ਜਾਂ ਨਹੀਂ, ਮਰਜ਼ੀ ਉਨ੍ਹਾਂ ਦੀ ਹੈ।










The Mortgage Centre
We work for *you*, not the lenders.




**Debt Consolidation** | **Renovations & Repairs** | **Avoiding High penalities**

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:

Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
The Mortgage Centre -4040 Steeles Avenue West Unit#5 Woodbridge, ON, L4L 4Y5

Rexdale Financial Services

**Urgently Need New Listings in Brampton/Caledon**

visit: www.teamjagaujla.com



Call **JAG AUJLA**
MCNE, REAL ESTATE BROKER
DIR: 416-371-7777
j.aujla@rogers.com
www.jagaujla.com
Follow Us:

**CALL JAG FOR A QUICK & FREE HOME EVALUATION**
www.BramptonTopRealtor.com www.BramptonTopAgent.com

**URGENTLY NEED NEW LISTINGS IN THIS AREA**

**RECENTLY LISTED/SOLD IN YOUR NEIGHBOURHOOD BY JAG AUJLA**

**NEW Listing in *BRAMPTON***
Hwy 10/Sandalwood/Braidwood



50 ਫੁੱਟ ਦਾ ਡਿਟੈਚਡ ਹਾਊਸ Approx. 2500sq.ft. 4 ਬੈਡਰੂਮ + 3 ਵਾਸ਼ਰੂਮ, $70K ਦੇ ਅਪਗਰੇਡ, ਮਾਸਟਰ ਬੈਡਰੂਮ with 4-ਪੀਸ ਇਨਸੁਇਟ ਅਤੇ Walk-in ਕਲੌਜਿਟ, No ਕਾਰਪੇਟ, 6 ਪਾਰਕਿੰਗ, Quartz ਕਾਊਂਟਰਟੋਪ, 64"Built-in Fridge, Extra furnance, Heated Garage, Sec camera, storage in backyard.

**Listed in *BRAMPTON***
Bovaird/Mclaughlin/Fletchers Creek Blvd



2000 sq.ft. ਸੈਮੀ-ਡਿਟੈਚਡ ਹਾਊਸ 4+1 ਬੈਡਰੂਮ + 4 ਵਾਸ਼ਰੂਮ, 1 ਬੈਡਰੂਮ ਫਿਨੀਸ਼ਡ ਬੇਸਮੇਂਟ with separate entrance. Double door entry, ਮਾਸਟਰ ਬੈਡਰੂਮ with 5-ਪੀਸ ਇਨਸੁਇਟ, Walk-in ਕਲੌਜਿਟ, Laundary on 2nd ਫਲੋਰ ਅਤੇ ਬੇਸਮੇਂਟ। Newly ਅਪਗਰੇਡਿਡ।

**Listed in *MISSISSAUGA***
Burnhamthorpe/Confederation



900-999 sq.ft. ਲੇਕ ਵੀਊ, 2 ਬੈਡਰੂਮ + 1 ਵਾਸ਼ਰੂਮ ਵੱਡੀਆਂ ਕੀਚਨ ਕੇਬਨਿਟ, ਨਵਾਂ ਪੈਂਟ, ਨਵੇਂ ਲੈਮੀਨੇਟ ਫਲੋਰ, Huge ਬਾਲਕੋਨੀ, 2 ਪਾਰਕਿੰਗ (ਲਿਫਟ ਦੇ ਬਿਲੱਕੁਲ ਨੇੜੇ), ਸਾਰੀਆਂ ਸਹੂਲਤਾਂ ਦੇ ਕੋਲ- Square One, Celebration Square, Grand Park Plaza, Sheridan College, YMCA & much more.

**NEW Listing in *BRAMPTON***
Chinguacousy/Williams Pkwy/Bovaird



ਡਿਟੈਚਡ ਹਾਊਸ Approx. 2000sq.ft. 4+1 ਬੈਡਰੂਮ +4 ਵਾਸ਼ਰੂਮ, ਫਿਨੀਸ਼ਡ ਬੇਸਮੇਂਟ with 1 ਬੈਡ+Rec Rm+4pc ਵਾਸ਼ਰੂਮ, ਡਬਲ-ਡੋਰ entrance, ਮਾਸਟਰ ਬੈਡਰੂਮ with 5-ਪੀਸ ਇਨਸੁਇਟ ਅਤੇ Walk-in ਕਲੌਜਿਟ, Electric Fireplace, Extended concreted ਡਰਾਈਵੇਅ, storage in backyard, pond & more.

**Listed in *BRAMPTON***
Bramalea/Queen St/Hwy 7



1301 sq.ft. Corner End-Unit Apartment 3 ਬੈਡਰੂਮ + 2 ਵਾਸ਼ਰੂਮ 1 ਕਾਰ ਪਾਰਕਿੰਗ + ਸਟੋਰੇਜ ਨਾਲ, ਲੈਮੀਨੇਟ ਅਤੇ ਸਿਰਾਮਿਕ ਫਲੋਰ, No ਕਾਰਪੇਟ। Huge ਕੀੱਚਨ, ਮਾਸਟਰ ਬੈਡਰੂਮ with 2-ਪੀਸ ਇਨਸੁਇਟ ਅਤੇ ਖੁੱਲੀ ਕਲੋਜਿਟ, Walking distance to Bramalea City Centre & more.

**SOLD in *BRAMPTON***
Clarkway/Cottrelle/Hwy 50



2100 sq.ft. ਸੈਮੀ-ਡਿਟੈਚਡ ਹਾਊਸ, 4+2 ਬੈਡਰੂਮ, 4 ਵਾਸ਼ਰੂਮ 2 ਬੈਡਰੂਮ, ਫਿਨੀਸ਼ਡ ਬੇਸਮੇਂਟ, 9 ਫੁੱਟ ਸੀਲਿੰਗ, Quartz ਕਾਊਂਟਰਟੋਪ, 5-ਪੀਸ ਇਨਸੁਇਟ ਅਤੇ His & Her ਕਲੋਜਿਟ, Laundary on ਮੇਨ ਫਲੋਰ ਅਤੇ ਬੇਸਮੇਂਟ ਵਿੱਚ। ਸਹੂਲਤਾਂ ਦੇ ਬਹੁਤ ਨੇੜੇ: ਗਰੋਸਰੀ ਸਟੋਰ, Shoppers, Pizza Pizza & more.

**FREE**

- ✓ Full MLS Services
- ✓ Consistently Marketing Your Property Until SOLD
- ✓ Competitive Rates, Exceptional Service & Award Winning Results
- ✓ Staging Consultation
- ✓ Billboard, Flyer, Newspaper
- ✓ Online Promotion
- ✓ Professional Pictures and Virtual Tour
- ✓ Social media & Radio Advertisement
- ✓ Open House Until Sold

RE/MAX Realty Specialists Inc. Brokerage (Independently Owned and Operated)
Off: 905-456-3232
*(Based on units sold & commissions)* *Some Conditions Apply

Call **JAG AUJLA** DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022

PURBA APPRAISALS INC.

**WE PROVIDE RESIDENTIAL REAL ESTATE APPRAISAL SERVICES FOR:**



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA

416-669-1423
www.purbahomes.com